ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

**International Daily Newspaper & WEB TV**

awazeqaumtvpunjab@gmail.com

ਬੁੱਧਵਾਰ, 2 ਜੁਲਾਈ 2025 (ਨਾਨਕਸ਼ਾਹੀ ਸੰਮਤ : ੫੫੭, ੧੮ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## 500 ਕਰੋੜ ਤੋਂ ਵੱਧ ਦਾ ਨੁਕਸਾਨ

# 11 ਥਾਈਂ ਫੱਟ ਗਿਆ ਬੱਦਲ, ਹਿਮਾਚਲ 'ਚ ਮਾਨਸੂਨ ਨੇ ਮਚਾਈ ਤਬਾਹੀ

**ਸ਼ਿਮਲਾ/ਚੰਡੀਗੜ੍ਹ, 1 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ ਵਿੱਚ ਭਾਰੀ ਮੀਂਹ ਕਾਰਨ ਕਾਫ਼ੀ ਨੁਕਸਾਨ ਹੋਇਆ ਹੈ। ਆਫ਼ਤ ਪ੍ਰਬੰਧਨ ਨੇ ਪਿਛਲੇ 13 ਘੰਟਿਆਂ ਵਿੱਚ ਹੋਏ ਨੁਕਸਾਨ ਦੀ ਰਿਪੋਰਟ ਜਾਰੀ ਕੀਤੀ ਹੈ। ਇਸ ਵਿੱਚ 4 ਲੋਕਾਂ ਦੀ ਮੌਤ ਹੋ ਗਈ ਹੈ, ਜਦੋਂ ਕਿ 16 ਲੋਕ ਲਾਪਤਾ ਹਨ ਅਤੇ 277 ਲੋਕਾਂ ਨੂੰ ਸੁਰੱਖਿਅਤ ਬਚਾਇਆ ਗਿਆ ਹੈ। ਸੂਬਾ ਆਫ਼ਤ ਪ੍ਰਬੰਧਨ ਨੇ ਕਿਹਾ ਕਿ ਚੰਬਾ ਵਿੱਚ 3, ਮੰਡੀ ਵਿੱਚ 233 ਅਤੇ ਹਮੀਰਪੁਰ ਵਿੱਚ 51 ਲੋਕਾਂ ਨੂੰ ਬਚਾਇਆ ਗਿਆ ਹੈ। ਇਸ ਦੇ ਨਾਲ ਹੀ, ਅਚਾਨਕ ਹੜ੍ਹਾਂ ਅਤੇ ਜ਼ਮੀਨ ਖਿਸਕਣ ਨਾਲ 10 ਘਰ, 12 ਗਊਸ਼ਾਲਾ ਜ਼ਮੀਨ ਵਿੱਚ ਦੱਬੀ ਗਈ ਹੈ। ਮੰਡੀ ਜ਼ਿਲ੍ਹੇ ਤੋਂ ਇਲਾਵਾ, ਚੰਬਾ, ਹਮੀਰਪੁਰ ਅਤੇ ਕਿੰਨੌਰ ਵਿੱਚ ਲੋਕਾਂ ਨੂੰ ਬਚਾਇਆ ਗਿਆ ਹੈ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ, ਜੋ ਹਮੀਰਪੁਰ ਦੇ ਦੌਰੇ 'ਤੇ ਸਨ, ਨੇ ਦਾਅਵਾ ਕੀਤਾ ਹੈ ਕਿ ਬੀਤੀ ਰਾਤ ਮੰਡੀ ਜ਼ਿਲ੍ਹੇ ਵਿੱਚ ਅੱਠ ਥਾਵਾਂ 'ਤੇ ਬੱਦਲ ਫਟਣ ਦੀਆਂ ਘਟਨਾਵਾਂ ਵਾਪਰੀਆਂ,



ਜਿਸ ਕਾਰਨ ਸੂਬੇ ਨੂੰ ਹੁਣ ਤੱਕ ਲਗਭਗ 500 ਕਰੋੜ ਰੁਪਏ ਦਾ ਸ਼ੁਰੂਆਤੀ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਕਿ ਬਿਆਸ ਦਰਿਆ ਹੜ੍ਹਾਂ 'ਤੇ ਹੈ, ਅਤੇ ਨਾਦੌਣ ਵਿੱਚ ਦਰਿਆ ਦੇ ਕੰਢੇ ਤੋਂ ਇੱਕ ਔਰਤ ਦੀ ਲਾਸ਼ ਬਰਾਮਦ ਕੀਤੀ ਗਈ ਹੈ। ਸੂਬੇ ਦੇ ਵੱਖ-ਵੱਖ ਹਿੱਸਿਆਂ ਤੋਂ ਲਗਾਤਾਰ ਨੁਕਸਾਨ ਦੀਆਂ ਰਿਪੋਰਟਾਂ ਮਿਲ ਰਹੀਆਂ ਹਨ, ਜਿਸ ਕਾਰਨ ਇਹ ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਨੁਕਸਾਨ ਦਾ ਅੰਕੜਾ ਹੋਰ ਵਧ ਸਕਦਾ ਹੈ। ਹਾਲਾਂਕਿ, ਆਫ਼ਤ ਪ੍ਰਬੰਧਨ ਨੇ ਹੁਣ ਤੱਕ 129 ਕਰੋੜ ਰੁਪਏ ਦਾ ਨੁਕਸਾਨ ਦੱਸਿਆ ਹੈ। ਹੁਣ ਤੱਕ, ਮੌਨਸੂਨ ਦੇ 11 ਦਿਨਾਂ ਵਿੱਚ ਸੂਬੇ ਵਿੱਚ ਲਗਭਗ 50 ਲੋਕਾਂ ਦੀ ਮੌਤ ਹੋ ਚੁੱਕੀ ਹੈ, ਜਿਸ ਵਿੱਚ ਸੜਕ ਹਾਦਸੇ ਵੀ ਸ਼ਾਮਲ ਹਨ। ਮੁੱਖ ਮੰਤਰੀ ਮੰਗਲਵਾਰ ਨੂੰ ਆਪਣੇ ਗ੍ਰਹਿ ਵਿਧਾਨ ਸਭਾ ਹਲਕੇ ਨਾਦੌਣ ਵਿੱਚ ਇਕ ਉਦਘਾਟਨੀ ਸਮਾਗਮ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾਂ ਨੇ ਸੂਬੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਦਰਿਆਵਾਂ ਅਤੇ ਨਾਲਿਆਂ ਦੇ ਕੰਢਿਆਂ 'ਤੇ ਨਾ ਜਾਣ ਅਤੇ ਘੱਟੋ-ਘੱਟ 500 ਮੀਟਰ ਦੀ ਦੂਰੀ ਬਣਾਈ ਰੱਖਣ। ਉਨ੍ਹਾਂ ਦੱਸਿਆ ਕਿ ਇੱਕ ਪਰਿਵਾਰ ਜ਼ਮੀਨ ਖਿਸਕਣ ਤੋਂ ਪ੍ਰਭਾਵਿਤ ਹੋਇਆ ਹੈ, ਜਿਸ ਵਿੱਚ ਕੁਝ ਲੋਕਾਂ ਨੂੰ ਬਚਾਇਆ ਵੀ ਗਿਆ ਹੈ।

## ਸ਼੍ਰੋਮਣੀ ਕਮੇਟੀ ਵੱਲੋਂ 350 ਸਾਲਾ ਸ਼ਤਾਬਦੀ ਨੂੰ ਸਮਰਪਿਤ 5 ਅਤੇ 6 ਜੁਲਾਈ ਨੂੰ ਪਟਿਆਲਾ ਵਿਖੇ ਸਜਾਏ ਜਾਣਗੇ ਗੁਰਮਤਿ ਸਮਾਗਮ

**ਅੰਮ੍ਰਿਤਸਰ, 1 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਤਾਗੱਦੀ ਦਿਵਸ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 5 ਤੇ 6 ਜੁਲਾਈ ਨੂੰ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ, ਪਾਤਸ਼ਾਹੀ ਨੌਵੀਂ, ਪਟਿਆਲਾ ਵਿਖੇ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਵੱਲੋਂ ਨਵੰਬਰ 2025 ਵਿਚ ਮਨਾਈ ਜਾ ਰਹੀ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਦੇਸ਼ ਭਰ ਅੰਦਰ ਗੁਰਮਤਿ ਸਮਾਗਮ ਅਤੇ ਸੈਮੀਨਾਰ ਉਲੀਕੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਸਮੁੱਚੀ ਮਨੁੱਖਤਾ ਲਈ ਪ੍ਰੇਰਣਾ ਸਰੋਤ ਹੈ ਅਤੇ ਗੁਰੂ ਸਾਹਿਬ ਦੀ ਲਾਸਾਨੀ ਸ਼ਹਾਦਤ ਦੇ ਇਤਿਹਾਸ ਨੂੰ ਘਰ-ਘਰ ਤੱਕ ਪਹੁੰਚਾਉਣ ਦਾ ਯਤਨ ਕੀਤਾ ਜਾ ਰਿਹਾ ਹੈ। ਇਸੇ ਤਹਿਤ ਹੀ 5 ਤੇ 6 ਜੁਲਾਈ ਨੂੰ ਨੌਵੇਂ ਪਾਤਸ਼ਾਹ ਜੀ ਨਾਲ ਸਬੰਧਤ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਪਟਿਆਲਾ ਵਿਖੇ ਸਮਾਗਮ ਉਲੀਕਿਆ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਕਿਹਾ ਕਿ ਇਸ ਸਬੰਧ ਵਿਚ 4 ਜੁਲਾਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਅਤੇ 5 ਜੁਲਾਈ ਨੂੰ ਵੱਖ-ਵੱਖ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਕੀਰਤਨ, ਭਾਸ਼ਣ, ਕਵੀਸ਼ਰੀ ਅਤੇ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਇਤਿਹਾਸ ਨਾਲ ਜੋੜਿਆ ਜਾਵੇਗਾ। ਇਸੇ ਦਿਨ ਵਿਦਿਆਰਥੀਆਂ ਵੱਲੋਂ ਵਿਸ਼ੇਸ਼ ਤੌਰ 'ਤੇ ਪ੍ਰਦਰਸ਼ਨੀ ਵੀ ਲਗਾਈ ਜਾਵੇਗੀ ਅਤੇ ਵਿਸ਼ੇਸ਼ ਤੌਰ 'ਤੇ ਅੰਮ੍ਰਿਤ ਸੰਚਾਰ ਸਮਾਗਮ ਵੀ ਹੋਵੇਗਾ। ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਦੱਸਿਆ ਕਿ 6 ਜੁਲਾਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਵਿਸ਼ਾਲ ਗੁਰਮਤਿ ਸਮਾਗਮ ਹੋਵੇਗਾ, ਜਿਸ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਿੰਘ ਸਾਹਿਬਾਨ ਅਤੇ ਸਿੱਖ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੀਆਂ।

## ਪੰਜਾਬ ਲਈ ਖ਼ਤਰੇ ਦੀ ਘੰਟੀ ! ਭਾਖੜਾ ਡੈਮ 'ਚ ਲਗਾਤਾਰ ਵਧਦਾ ਜਾ ਰਿਹਾ ਪਾਣੀ ਦਾ ਪੱਧਰ

**ਚੰਡੀਗੜ੍ਹ, 1 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਕਈ ਦਿਨਾਂ ਤੋਂ ਹਿਮਾਚਲ ਦੇ ਪਹਾੜੀ ਇਲਾਕਿਆਂ ਵਿੱਚ ਭਾਰੀ ਬਾਰਿਸ਼ ਕਾਰਨ ਹਿਮਾਚਲ ਦੇ ਪਹਾੜੀ ਇਲਾਕਿਆਂ ਦੀਆਂ ਨਦੀਆਂ ਤੂਫਾਨ ਨਾਲ ਭਰੀਆਂ ਹੋਈਆਂ ਹਨ, ਪਰ ਹਿਮਾਚਲ ਦੇ ਪਹਾੜੀ ਇਲਾਕਿਆਂ ਦਾ ਮੀਂਹ ਦਾ ਪਾਣੀ ਦੋ ਹਿੱਸਿਆਂ ਵਿੱਚ ਵੰਡਿਆ ਹੋਇਆ ਹੈ, ਇੱਕ ਬਿਆਸ ਨਦੀ ਅਤੇ ਦੂਜਾ ਸਤਲੁਜ। ਇਸ ਵੇਲੇ ਭਾਖੜਾ ਡੈਮ ਤੋਂ ਡਰਨ ਦੀ ਕੋਈ ਲੋੜ ਨਹੀਂ ਹੈ ਕਿਉਂਕਿ ਬੀਬੀਐਮਬੀ ਪਹਿਲਾਂ ਪਿੱਛੇ ਤੋਂ ਆਉਣ ਵਾਲੇ ਪਾਣੀ ਨੂੰ ਸਟੋਰ ਕਰੇਗਾ, ਜੇਕਰ ਪਾਣੀ ਅਜੇ ਵੀ ਇਕੱਠਾ ਹੋ ਰਿਹਾ ਹੈ ਜਾਂ ਹੋਰ ਪਾਣੀ ਆਉਣ ਦੀ ਸੰਭਾਵਨਾ ਹੈ, ਤਾਂ ਬੀਬੀਐਮਬੀ ਭਾਖੜਾ ਡੈਮ ਦੇ ਫਲੱਡ ਗੇਟਾਂ ਰਾਹੀਂ ਕੁਝ ਫੀਸਦ ਪਾਣੀ ਛੱਡ ਸਕਦਾ ਹੈ, ਪਰ ਅਜੇ ਤੱਕ ਅਜਿਹੀ ਕੋਈ ਸਥਿਤੀ ਦਿਖਾਈ ਨਹੀਂ ਦੇ ਰਹੀ ਹੈ। ਅੱਜ ਸਵੇਰੇ 6:00 ਵਜੇ ਦਰਜ ਕੀਤੇ ਗਏ ਅੰਕੜਿਆਂ ਅਨੁਸਾਰ ਭਾਖੜਾ ਡੈਮ ਦਾ ਪਾਣੀ



ਦਾ ਪੱਧਰ 1576.03 ਫੁੱਟ ਹੈ, ਜੋ ਕਿ ਅਜੇ ਵੀ ਖਤਰੇ ਦੇ ਨਿਸ਼ਾਨ ਤੋਂ ਲਗਭਗ 100 ਫੁੱਟ ਹੇਠਾਂ ਹੈ। ਭਾਖੜਾ ਡੈਮ ਦਾ ਆਖਰੀ ਪੱਧਰ 1680 ਫੁੱਟ ਹੈ। ਜੇਕਰ ਅਸੀਂ ਭਾਖੜਾ ਡੈਮ ਦੀ ਗੋਵਿੰਦ ਸਾਗਰ ਝੀਲ ਵਿੱਚ ਪਾਣੀ ਦੇ ਵਹਾਅ ਦੀ ਗੱਲ ਕਰੀਏ ਤਾਂ ਅੱਜ 44534 ਕਿਊਸਿਕ ਪਾਣੀ ਰਿਕਾਰਡ ਕੀਤਾ ਗਿਆ ਹੈ। ਭਾਖੜਾ ਡੈਮ ਤੋਂ ਟਰਬੀਨੋ ਰਾਹੀਂ 21025 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ, ਜੋ ਅੱਗੇ ਨੰਗਲ ਡੈਮ ਵਿੱਚ ਇਕੱਠਾ ਹੁੰਦਾ ਹੈ ਅਤੇ ਨੰਗਲ ਡੈਮ ਤੋਂ ਆਨੰਦਪੁਰ ਸਾਹਿਬ ਆਈਡਲ ਨਹਿਰ ਵਿੱਚ 10150 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ। ਬੀਬੀਐਮਬੀ ਦੀ ਨੰਗਲ ਹਾਈਡਲ ਨਹਿਰ ਵਿੱਚ 12350 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ। ਬੀਬੀਐਮਬੀ ਦੇ ਸਹਿਯੋਗੀ ਰਾਜਾਂ ਦੀ ਮੰਗ ਅਨੁਸਾਰ ਇਸ ਨੰਗਲ ਹਾਈਡਲ ਨਹਿਰ ਤੋਂ ਪਾਣੀ ਛੱਡਿਆ ਜਾ ਰਿਹਾ ਹੈ। ਜੇਕਰ ਸਤਲੁਜ ਦਰਿਆ ਦੀ ਗੱਲ ਕਰੀਏ ਤਾਂ ਅੱਜ ਸਤਲੁਜ ਦਰਿਆ ਵਿੱਚ ਸਿਰਫ਼ 650 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ।

## ਕੈਮੀਕਲ ਫੈਕਟਰੀ 'ਚ ਧਮਾਕਾ; ਇਲਾਕੇ 'ਚ ਮੱਚਿਆ ਹੜਕੰਪ, ਮੌਤਾਂ ਦੀ ਗਿਣਤੀ ਪਹੁੰਚੀ 34, ਮਲਬੇ 'ਚੋਂ 31 ਲਾਸ਼ਾਂ ਮਿਲੀ, 3 ਦੀ ਹਸਪਤਾਲ 'ਚ ਮੌਤ

**ਨਵੀਂ ਦਿੱਲੀ, 1 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਤੇਲੰਗਾਨਾ ਤੋਂ ਮਾੜੀ ਖਬਰ ਨਿਕਲ ਕੇ ਸਾਹਮਣੇ ਆਈ ਹੈ। ਜਿੱਥੇ ਇੱਕ ਦਵਾਈ ਵਾਲੀ ਫੈਕਟਰੀ ਦੇ ਵਿੱਚ ਧਮਾਕਾ ਹੋ ਗਿਆ ਜਿਸ ਤੋਂ ਬਾਅਦ ਅੱਗ ਲੱਗ ਗਈ। ਸੰਗਾ ਰੈੱਡੀ ਜ਼ਿਲ੍ਹੇ ਵਿਚ ਦਵਾਈ ਫੈਕਟਰੀ ਵਿੱਚ ਹੋਏ ਧਮਾਕੇ 'ਚ ਮਰਨ ਵਾਲਿਆਂ ਦੀ ਗਿਣਤੀ ਵਧ ਕੇ 34 ਹੋ ਗਈ ਹੈ। ਫੈਕਟਰੀ ਦੇ ਮਲਬੇ ਵਿਚੋਂ 31 ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ, ਜਦਕਿ ਹਸਪਤਾਲ ਵਿੱਚ 3 ਲੋਕਾਂ ਦੀ ਮੌਤ ਹੋ ਗਈ। ਇਸ ਘਟਨਾ ਵਿੱਚ 30 ਤੋਂ ਵੱਧ ਲੋਕ ਜ਼ਖ਼ਮੀ ਹੋਏ ਹਨ। ਸੰਗਾ ਰੈੱਡੀ ਦੇ ਐਸ.ਪੀ. ਪਰਿਤੋਸ਼ ਪੰਕਜ ਨੇ ਇਹ ਜਾਣਕਾਰੀ ਦਿੱਤੀ। ਇਹ ਧਮਾਕਾ 30 ਜੂਨ ਨੂੰ ਫੈਕਟਰੀ ਦੀ ਰੀਐਕਟਰ ਯੂਨਿਟ ਵਿੱਚ ਹੋਇਆ ਸੀ। ਹਾਦਸਾ ਸਵੇਰੇ 8:15 ਵਜੇ ਤੋਂ 9:30 ਵਜੇ ਦੇ ਵਿਚਕਾਰ ਪਾਸ਼ਿਮਲਾਰਮ ਇੰਡਸਟਰੀਅਲ ਏਰੀਆ 'ਚ ਸਥਿਤ ਸਿਗਾਚੀ ਇੰਡਸਟਰੀਜ਼ ਵਿੱਚ ਵਾਪਰਿਆ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪ੍ਰਧਾਨ ਮੰਤਰੀ ਰਾਸ਼ਟਰੀ ਰਾਹਤ ਕੋਸ਼ ਵੱਲੋਂ ਮ੍ਰਿਤਕਾਂ ਦੇ ਪਰਿਵਾਰਾਂ ਨੂੰ ?2 ਲੱਖ ਅਤੇ ਜ਼ਖ਼ਮੀਆਂ ਨੂੰ ?50 ਹਜ਼ਾਰ ਦੀ ਮਦਦ ਦੇਣ ਦਾ ਐਲਾਨ ਕੀਤਾ ਹੈ। ਸਿਹਤ ਮੰਤਰੀ ਦਾਮੋਦਰ ਰਾਜਾ ਨਰਸਿੰਹਾ ਨੇ ਦੱਸਿਆ ਕਿ ਮੁੱਖ ਮੰਤਰੀ ਏ. ਰੇਵੰਤ ਰੈੱਡੀ ਮੰਗਲਵਾਰ (1 ਜੁਲਾਈ 2025) ਸਵੇਰੇ ਹਾਦਸਾ ਸਥਾਨ ਦਾ ਦੌਰਾ ਕਰਨਗੇ। ਇਸ ਤੋਂ ਪਹਿਲਾਂ ਇੱਕ ਅਧਿਕਾਰਕ ਪ੍ਰੈਸ ਨੋਟ ਵਿੱਚ ਕਿਹਾ ਗਿਆ ਕਿ ਮੁੱਖ ਮੰਤਰੀ ਏ. ਰੇਵੰਤ ਰੈੱਡੀ ਨੇ ਇਸ ਘਟਨਾ 'ਤੇ ਦੁੱਖ ਜ਼ਾਹਰ ਕੀਤਾ ਅਤੇ ਅਧਿਕਾਰੀਆਂ ਨੂੰ ਹੁਕਮ ਦਿੱਤੇ ਕਿ ਫਸੇ ਹੋਏ ਮਜ਼ਦੂਰਾਂ ਨੂੰ ਬਚਾਉਣ ਲਈ ਹਰ ਸੰਭਵ ਕਦਮ ਚੁੱਕੇ ਜਾਣ ਅਤੇ ਉਨ੍ਹਾਂ ਨੂੰ ਆਧੁਨਿਕ ਇਲਾਜ ਸਹੂਲਤਾਂ ਉਪਲਬਧ ਕਰਵਾਈਆਂ ਜਾਣ। ਕੰਪਨੀ ਨੇ ਦੱਸਿਆ ਕਿ ਉਹ ਜਾਨ ਤੇ ਮਾਲ ਦੇ ਨੁਕਸਾਨ ਉੱਤੇ ਗਹਿਰੀ ਸ਼ੋਕ ਸੰਵੇਦਨਾ ਪ੍ਰਗਟ ਕਰਦੀ ਹੈ ਅਤੇ ਮ੍ਰਿਤਕਾਂ ਦੇ ਪਰਿਵਾਰਾਂ ਪ੍ਰਤੀ ਦਿਲੋਂ ਸਮਵੇਦਨਾ ਜਤਾਉਂਦੀ ਹੈ। ਕੰਪਨੀ ਨੇ ਇਹ ਵੀ ਸਪਸ਼ਟ ਕੀਤਾ ਕਿ ਇਹ ਯੂਨਿਟ ਇੰਸ਼ੋਰਡ ਸੀ। ਕੰਪਨੀ ਨੇ ਪ੍ਰਭਾਵਿਤ ਲੋਕਾਂ ਨੂੰ ਹਰ ਸੰਭਵ ਮਦਦ ਦੇਣ ਦਾ ਭਰੋਸਾ ਦਿੱਤਾ ਹੈ। ਤੇਲੰਗਾਣਾ ਰਾਜ ਦੁਰਘਟਨਾ ਮੁਕਤੀ ਅਤੇ ਅੱਗ ਬੁਝਾਅ ਸੇਵਾ ਦੇ ਮਹਾਨਿਰਦੇਸ਼ਕ ਵਾਈ. ਨਾਗੀ ਰੈੱਡੀ ਨੇ ਕਿਹਾ ਕਿ ਸੰਭਾਵਨਾ ਹੈ ਕਿ ਧਮਾਕਾ ਪਲਾਂਟ ਦੀ ਸੁਕਾਉਣ (ਡ੍ਰਾਈਂਗਿ) ਯੂਨਿਟ ਵਿੱਚ ਹੋਇਆ। ਹਾਲਾਂਕਿ, ਪੁਲਿਸ ਮਹਾਨਿਰਦੇਸ਼ਕ (ਮਲਟੀਜ਼ੋਨ) ਵੀ. ਸਤਿਆਨਾਰਾਇਣ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਰੀਐਕਟਰ ਧਮਾਕੇ ਦਾ ਮਾਮਲਾ ਲੱਗਦਾ ਹੈ। ਕੰਪਨੀ ਦੀ ਵੈੱਬਸਾਈਟ ਅਨੁਸਾਰ, ਸਿਗਾਚੀ ਇੰਡਸਟਰੀਜ਼ ਲਿਮਿਟੇਡ ਇੱਕ ਫਾਰਮਾਸਿਊਟਿਕਲ ਉਦਯੋਗ ਹੈ, ਜੋ ਕਿ ਐਕਟਿਵ ਫਾਰਮਾਸਿਊਟਿਕਲ ਇੰਗਰੀਡੀਐਂਟਸ, ਇੰਟਰਮੀਡੀਏਟਸ, ਐਕਸਿਪੀਐਂਟਸ, ਵਿਟਾਮਿਨ-ਖਣਿਜ ਮਿਸ਼ਰਣਾਂ ਅਤੇ ਓਪਰੇਸ਼ਨ ਐਂਡ ਮੈਨੇਜਮੈਂਟ ਸੇਵਾਵਾਂ ਦੇ ਖੇਤਰ ਵਿੱਚ ਅਗਰੇਸਿਵ ਤਰੀਕੇ ਨਾਲ ਕੰਮ ਕਰਨ ਲਈ ਸਮਰਪਿਤ ਹੈ।



## ਬਿਕਰਮ ਮਜੀਠੀਆ ਨੂੰ ਲੈ ਕੇ ਮਜੀਠਾ ਪਹੁੰਚੀ ਪੁਲਸ, ਗਨੀਵ ਕੌਰ ਨਾਲ ਹੋਈ ਤਿੱਖੀ ਬਹਿਸ



**ਮਜੀਠਾ/ਅੰਮ੍ਰਿਤਸਰ, 1 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਲੀਡਰ ਮਜੀਠੀਆ ਦੀਆਂ ਮੁਸ਼ਕਲਾਂ ਵਧ ਗਈਆਂ ਹਨ। 6 ਲੋਕਾਂ ਵੱਲੋਂ ਮਜੀਠੀਆ ਵਿਰੁੱਧ ਬਿਆਨ ਦੇਣ ਤੋਂ ਬਾਅਦ ਅੱਜ ਵਿਜੀਲੈਂਸ ਟੀਮਾਂ ਹਰਿਆਣਾ, ਦਿੱਲੀ, ਉੱਤਰ ਪ੍ਰਦੇਸ਼ ਅਤੇ ਚੰਡੀਗੜ੍ਹ ਵਿੱਚ ਇੱਕੋ ਸਮੇਂ ਛਾਪੇਮਾਰੀ ਕਰ ਰਹੀਆਂ ਹਨ।

ਅੱਜ ਬਿਕਰਮ ਸਿੰਘ ਮਜੀਠੀਆ ਜੋ ਕੇ ਵਿਜੀਲੈਂਸ ਦੀ ਹਿਰਾਸਤ ਵਿਚ ਹਨ, ਉਨ੍ਹਾਂ ਨੂੰ ਅੱਜ ਵਿਜੀਲੈਂਸ ਵਲੋਂ ਉਨ੍ਹਾਂ ਦੇ ਮਜੀਠਾ ਵਿਖੇ ਰਿਹਾਇਸ਼ੀ ਦਫਤਰ ਵਿਚ ਜਾਂਚ ਲਈ ਲਿਆਂਦਾ ਗਿਆ। ਇਸ ਮੌਕੇ ਮਜੀਠਾ ਸ਼ਹਿਰ ਨੂੰ ਆਉਣ-ਜਾਣ ਵਾਲੇ ਰਸਤੇ ਆਮ ਲੋਕਾਂ ਅਤੇ ਟ੍ਰੈਫਿਕ ਲਈ ਪੂਰੀ ਤਰ੍ਹਾਂ ਬੰਦ ਕਰ ਦਿੱਤੇ ਗਏ। ਟ੍ਰੈਫਿਕ ਨੂੰ ਹੋਰਨਾਂ ਬਦਲਵੇਂ ਰੂਟਾਂ ਰਾਹੀ ਡਾਇਵਰਟ ਕੀਤਾ ਗਿਆ। ਇਸ ਦੌਰਾਨ ਬਿਕਰਮ ਸਿੰਘ ਮਜੀਠੀਆ ਦੀ ਧਰਮਪਤਨੀ ਬੀਬੀ ਗਨੀਵ ਕੌਰ ਮਜੀਠੀਆ ਵਿਧਾਇਕ ਮਜੀਠਾ ਆਪਣੇ ਸਮਰਥਕਾਂ ਨਾਲ ਉੱਥੇ ਪੁੱਜ ਗਏ। ਗਨੀਵ ਕੌਰ ਮਜੀਠੀਆ ਜਿਨ੍ਹਾਂ ਦੀ ਆਪਣੇ ਦਫਤਰ ਅੰਦਰ ਜਾਣ ਨੂੰ ਲੈਕੇ ਪੁਲਸ ਨਾਲ ਤਿਖੀ ਬਹਿਸਬਾਜ਼ੀ ਹੋਈ। ਉਨ੍ਹਾਂ ਪੱਤਰਕਾਰਾਂ ਨੂੰ ਕਿਹਾ ਕਿ ਉਹ ਇਕ ਚੁਣੇ ਹੋਏ ਜਨਤਾ ਦੇ ਨੁਮਾਇੰਦੇ ਹਨ ਪਰ ਸਰਕਾਰ ਦੀ ਸ਼ਿਹ 'ਤੇ ਪੁਲਸ ਉਨ੍ਹਾਂ ਨਾਲ ਧੱਕੇਸ਼ਾਹੀ 'ਤੇ ਉਤਰ ਆਈ ਹੈ। ਉਨ੍ਹਾਂ ਨੂੰ ਉਨ੍ਹਾਂ ਦੇ ਆਪਣੇ ਦਫਤਰ ਅੰਦਰ ਜਾਣ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਦਫਤਰ ਅੰਦਰ ਇਕ ਸੇਵਾਦਾਰ ਦੀ ਪਤਨੀ ਅਤੇ ਉਸਦੇ ਬੱਚੇ ਇਕੱਲੇ ਹਨ ਅਤੇ ਪੁਲਸ ਨੇ ਬਾਹਰ ਤਾਲਾ ਲਗਾ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਜਿਸ ਦਫਤਰ ਦੀ ਅੱਜ ਜਾਂਚ ਨੂੰ ਲੈ ਕੇ ਸਾਰਾ ਡਰਾਮਾ ਰਚਿਆ ਜਾ ਰਿਹਾ ਹੈ, ਇਸਦੀ ਤਾਂ ਪਹਿਲੇ ਦਿਨ ਹੀ ਬਾਰੀਕੀ ਨਾਲ ਤਲਾਸ਼ੀ ਕਰ ਲਈ ਗਈ ਸੀ। ਇਸ ਦੌਰਾਨ ਬੀਬਾ ਗਨੀਵ ਕੌਰ ਮਜੀਠੀਆ ਨੇ ਆਪਣੇ ਸਮਰਥਕਾਂ ਨਾਲ ਰੋਸ ਵਜੋਂ ਉਥੇ ਹੀ ਬੈਠ ਕੇ ਰੋਸ ਧਰਨਾ ਲਗਾ ਦਿੱਤਾ।

## ਐਲੋਨ ਮਸਕ ਨੂੰ ਵਾਪਸ ਜਾਣਾ ਪਵੇਗਾ ਦੱਖਣੀ ਅਫਰੀਕਾ; ਡੋਨਾਲਡ ਟਰੰਪ ਦੀ ਖੁੱਲ੍ਹੀ ਧਮਕੀ

**ਵਾਸ਼ਿੰਗਟਨ, 1 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਵਿਸ਼ਵਾਸਪਾਤਰ ਮੰਨੇ ਜਾਣ ਵਾਲੇ ਉਦਯੋਗਪਤੀ ਐਲੋਨ ਮਸਕ ਦਾ ਭਵਿੱਖ ਖ਼ਤਰੇ ਵਿੱਚ ਹੈ। ਟਰੰਪ ਨੇ ਉਨ੍ਹਾਂ ਨੂੰ ਅਸਿੱਧੇ ਤੌਰ 'ਤੇ ਧਮਕੀ ਦਿੱਤੀ ਹੈ ਅਤੇ ਕਿਹਾ ਹੈ ਕਿ ਉਨ੍ਹਾਂ ਨੂੰ 'ਆਪਣੀ ਦੁਕਾਨ ਬੰਦ' ਕਰਨੀ ਪੈ ਸਕਦੀ ਹੈ। ਚੋਣਾਂ ਤੋਂ ਬਾਅਦ ਅਮਰੀਕੀ ਪ੍ਰਸ਼ਾਸਨ ਵਿੱਚ ਮਹੱਤਵਪੂਰਨ ਜ਼ਿੰਮੇਵਾਰੀਆਂ ਸੰਭਾਲਣ ਤੋਂ ਬਾਅਦ, ਟਰੰਪ ਅਤੇ ਮਸਕ ਦੇ ਸਬੰਧਾਂ ਵਿੱਚ ਖਟਾਸ ਆ ਗਈ। ਇਸਦਾ ਕਾਰਨ ਈਵੀ ਯਾਨੀ ਇਲੈਕਟ੍ਰਾਨਿਕ ਵਾਹਨਾਂ ਸੰਬੰਧੀ ਨੀਤੀ ਦੱਸੀ ਜਾ ਰਹੀ ਹੈ। ਟਰੰਪ ਨੇ ਟਰੂਥ ਸੋਸ਼ਲ 'ਤੇ ਲਿਖਿਆ ਕਿ ਐਲੋਨ ਮਸਕ ਨੂੰ ਪਤਾ ਸੀ ਕਿ ਮੈਂ ਰਾਸ਼ਟਰਪਤੀ ਲਈ ਮੇਰੇ ਲਈ ਪ੍ਰਚਾਰ ਕਰਨ ਤੋਂ ਪਹਿਲਾਂ ਈਵੀ ਫਤਵੇ ਦੇ ਸਖ਼ਤ ਵਿਰੁੱਧ ਸੀ। ਇਹ ਬਕਵਾਸ ਹੈ ਅਤੇ ਹਮੇਸ਼ਾ ਮੇਰੀ ਮੁਹਿੰਮ ਦਾ ਹਿੱਸਾ ਰਿਹਾ ਹੈ। ਇਲੈਕਟ੍ਰਿਕ ਕਾਰਾਂ ਠੀਕ ਹਨ, ਪਰ ਹਰ ਕਿਸੇ ਨੂੰ ਇੱਕ ਖਰੀਦਣ ਲਈ ਮਜਬੂਰ ਨਹੀਂ ਕੀਤਾ ਜਾ ਸਕਦਾ। ਐਲੋਨ ਨੂੰ ਇਤਿਹਾਸ ਵਿੱਚ ਕਿਸੇ ਵੀ ਵਿਅਕਤੀ ਨਾਲੋਂ ਵੱਧ ਸਬਸਿਡੀਆਂ ਮਿਲ ਸਕਦੀਆਂ ਸਨ ਅਤੇ ਸਬਸਿਡੀਆਂ ਤੋਂ ਬਿਨਾਂ ਐਲੋਨ ਨੂੰ ਸ਼ਾਇਦ ਦੁਕਾਨ ਬੰਦ ਕਰਨੀ ਪਵੇਗੀ ਅਤੇ ਦੱਖਣੀ ਅਫਰੀਕਾ ਘਰ ਜਾਣਾ ਪਵੇਗਾ। ਉਨ੍ਹਾਂ ਨੇ ਅੱਗੇ ਲਿਖਿਆ ਕਿ ਕੋਈ ਰਾਕੇਟ ਲਾਂਚ ਨਹੀਂ, ਸੈਟੇਲਾਈਟ ਜਾਂ ਇਲੈਕਟ੍ਰਿਕ ਕਾਰਾਂ ਦਾ ਉਤਪਾਦਨ ਨਹੀਂ ਅਤੇ ਸਾਡਾ ਦੇਸ਼ ਬਹੁਤ ਸਾਰਾ ਪੈਸਾ ਬਚਾਏਗਾ। ਹੋ ਸਕਦਾ ਹੈ ਕਿ DOGE ਨੂੰ ਇਸ 'ਤੇ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ। ਬਹੁਤ ਸਾਰਾ ਪੈਸਾ ਬਚਾਇਆ ਜਾਵੇਗਾ। ਇੱਕ ਦਿਨ ਪਹਿਲਾਂ ਹੀ, ਮਸਕ ਨੇ ਟਰੰਪ ਸਰਕਾਰ ਦੇ ਬਿੱਲ 'ਤੇ ਇਤਰਾਜ਼ ਜਤਾਇਆ ਸੀ ਅਤੇ ਇੱਕ ਨਵੀਂ ਪਾਰਟੀ ਬਣਾਉਣ ਦਾ ਸੰਕੇਤ ਦਿੱਤਾ ਸੀ। ਮਸਕ ਨੇ ਕਿਹਾ ਕਿ 'ਪਾਗਲਪਣ ਨਾਲ ਭਰੇ ਬਿੱਲ' ਵਿੱਚ 5 ਟ੍ਰਿਲੀਅਨ ਡਾਲਰ ਦੀ ਕਰਜ਼ਾ ਸੀਮਾ ਵਿੱਚ ਰਿਕਾਰਡ ਵਾਧਾ ਆਮ ਅਮਰੀਕੀਆਂ ਨੂੰ ਬਹੁਤ ਨੁਕਸਾਨ ਪਹੁੰਚਾਏਗਾ। ਉਨ੍ਹਾਂ ਨੇ ਅੱਗੇ ਲਿਖਿਆ ਇਸ ਬਿੱਲ ਦੇ ਪਾਗਲ ਖਰਚ ਤੋਂ ਇਹ ਸਪੱਸ਼ਟ ਹੈ ਕਿ ਕਰਜ਼ੇ ਦੀ ਸੀਮਾ ਨੂੰ ਰਿਕਾਰਡ £5 ਟ੍ਰਿਲੀਅਨ (ਪੰਜ ਟ੍ਰਿਲੀਅਨ ਡਾਲਰ) ਤੱਕ ਵਧਾ ਦਿੱਤਾ ਗਿਆ ਹੈ ਕਿ ਅਸੀਂ ਇੱਕ-ਪਾਰਟੀ ਦੇਸ਼ ਵਿੱਚ ਰਹਿੰਦੇ ਹਾਂ। ਪੋਰਕੀ ਪਿਗ ਪਾਰਟੀ! ਇਹ ਇੱਕ ਨਵੀਂ ਰਾਜਨੀਤਿਕ ਪਾਰਟੀ ਬਣਾਉਣ ਦਾ ਸਮਾਂ ਹੈ ਜੋ ਅਸਲ ਵਿੱਚ ਲੋਕਾਂ ਦੀ ਪਰਵਾਹ ਕਰਦੀ ਹੈ। ਉਨ੍ਹਾਂ ਦਲੀਲ ਦਿੱਤੀ ਕਿ ਇਹ ਬਿੱਲ ਸਾਬਤ ਕਰਦਾ ਹੈ ਕਿ ਡੈਮੋਕ੍ਰੇਟ ਅਤੇ ਰਿਪਬਲਿਕਨ ਉਸੇ 'ਪੋਰਕੀ ਪਿਗ ਪਾਰਟੀ' ਦਾ ਹਿੱਸਾ ਹਨ ਜੋ ਆਮ ਅਮਰੀਕੀਆਂ ਦੇ ਹਿੱਤਾਂ ਨਾਲੋਂ ਫਜ਼ੂਲ ਖਰਚ ਨੂੰ ਤਰਜੀਹ ਦਿੰਦੀ ਹੈ। ਅਮਰੀਕੀ ਰਾਸ਼ਟਰਪਤੀ ਟਰੰਪ ਦੇ ਸਾਬਕਾ ਸਮਰਥਕ ਮਸਕ ਨੇ ਕਿਹਾ ਕਿ ਨਵੀਂ ਰਾਜਨੀਤਿਕ ਪਾਰਟੀ ਉਨ੍ਹਾਂ ਅਮਰੀਕੀਆਂ ਦੀ ਨੁਮਾਇੰਦਗੀ ਕਰੇਗੀ ਜੋ ਮੌਜੂਦਾ ਦੋ-ਪਾਰਟੀ ਪ੍ਰਣਾਲੀ ਤੋਂ ਵਾਂਝੇ ਮਹਿਸੂਸ ਕਰਦੇ ਹਨ।






# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

# ਵਿਦੇਸ਼ੀ ਸਿੱਖਾਂ ਲਈ ਪਾਕਿਸਤਾਨ ਸਰਕਾਰ ਵੱਲੋਂ ਸਤੰਬਰ ਤੋਂ ਸਿੱਧੀਆਂ ਉਡਾਣਾਂ, ਨਰਮ ਵੀਜ਼ਾ ਤੇ ਯਾਤਰਾ ਦੀ ਸੁਰੱਖਿਆ ਯਕੀਨੀ



**ਲੰਡਨ, 1 ਜੁਲਾਈ (ਸਰਬਜੀਤ ਸਿੰਘ ਬਨੂੜ)**-ਪਾਕਿਸਤਾਨ ਵਿੱਚ ਸਿੱਖ ਧਰਮ ਅਸਥਾਨਾਂ ਦੀ ਯਾਤਰਾ ਕਰਨ ਵਾਲੇ ਵਿਦੇਸ਼ੀ ਸਿੱਖਾਂ ਲਈ ਵੱਡੀ ਖ਼ਬਰ ਸਾਹਮਣੇ ਆਈ ਹੈ। ਪਾਕਿਸਤਾਨ ਦੀ ਅਲਪਸੰਖਿਆਕ ਮਾਮਲਿਆਂ ਲਈ ਕੈਬਨਿਟ ਮੰਤਰੀ ਅਤੇ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ (PSGPC) ਦੇ ਪ੍ਰਧਾਨ ਸ. ਰਮੇਸ਼ ਸਿੰਘ ਅਰੋੜਾ ਨੇ ਲੰਡਨ ਦੌਰੇ ਦੌਰਾਨ ਐਲਾਨ ਕੀਤਾ ਕਿ ਸਤੰਬਰ 2025 ਤੋਂ ਇੰਗਲੈਂਡ ਅਤੇ ਯੂਰਪ ਤੋਂ ਪਾਕਿਸਤਾਨ ਲਈ ਹਰ ਹਫ਼ਤੇ ਸਿੱਧੀਆਂ ਉਡਾਣਾਂ ਸ਼ੁਰੂ ਕੀਤੀਆਂ ਜਾਣਗੀਆਂ।

ਸ. ਅਰੋੜਾ ਨੇ ਵਿਸ਼ੇਸ਼ ਗੱਲਬਾਤ ਦੌਰਾਨ ਦੱਸਿਆ ਕਿ ਪਾਕਿਸਤਾਨ ਸਰਕਾਰ ਵਿਦੇਸ਼ੀ ਸਿੱਖ ਯਾਤਰੀਆਂ ਦੀ ਸੁਰੱਖਿਅਤ ਅਤੇ ਆਸਾਨ ਯਾਤਰਾ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਯਾਤਰੀਆਂ ਲਈ ਨਰਮ ਵੀਜ਼ਾ ਪ੍ਰਣਾਲੀ ਲਾਗੂ ਕਰਨ 'ਤੇ ਵੀ ਕੰਮ ਜਾਰੀ ਹੈ, ਤਾਂ ਜੋ ਸਿੱਖ ਭਾਈਚਾਰਾ ਆਪਣੀ ਧਾਰਮਿਕ ਵਿਰਾਸਤ ਨਾਲ ਜੁੜ ਸਕੇ।

ਇਸ ਦੌਰਾਨ, ਸ. ਅਰੋੜਾ ਨੇ ਆਲ ਪਾਰਟੀ ਪਾਰਲੀਮੈਂਟਰੀ ਗਰੁੱਪ (APPG) ਵੱਲੋਂ ਲੰਡਨ ਪਾਰਲੀਮੈਂਟ 'ਚ ਹੋਈ ਮੀਟਿੰਗ ਵਿੱਚ ਵੀ ਸ਼ਿਰਕਤ ਕੀਤੀ, ਜਿੱਥੇ ਉਨ੍ਹਾਂ ਨੇ ਪਾਕਿਸਤਾਨ ਵਿੱਚ ਸਿੱਖ ਧਾਰਮਿਕ ਸਥਾਨਾਂ ਦੀ ਸੇਵਾ ਸੰਭਾਲ, ਯਾਤਰਾ ਵਿਵਸਥਾ ਅਤੇ ਸਿੱਖ-ਮੁਸਲਿਮ ਸਾਂਝ ਦੇ ਮਸਲੇ ਉੱਤੇ ਆਪਣੇ ਵਿਚਾਰ ਪੇਸ਼ ਕੀਤੇ। ਉਨ੍ਹਾਂ ਕਿਹਾ ਕਿ ਨਨਕਾਣਾ ਸਾਹਿਬ, ਕਰਤਾਰਪੁਰ ਸਾਹਿਬ, ਪੰਜਾ ਸਾਹਿਬ ਵਰਗੇ ਪਵਿੱਤਰ ਗੁਰਧਾਮ ਵਿਦੇਸ਼ੀ ਸਿੱਖਾਂ ਲਈ ਰੂਹਾਨੀ ਆਸਥਾ ਦੇ ਕੇਂਦਰ ਹਨ ਅਤੇ ਪਾਕਿਸਤਾਨੀ ਹਕੂਮਤ ਉਨ੍ਹਾਂ ਦੀ ਸੰਭਾਲ ਤੇ ਯਾਤਰੀਆਂ ਲਈ ਉਚਿਤ ਸਹੂਲਤਾਂ ਪ੍ਰਦਾਨ ਕਰਨ ਲਈ ਬਚਨਬੱਧ ਹੈ।

ਆਵਾਜ਼ਿ ਕੌਮ
AWAZE QAUM
International Newspaper & WEB TV

ਸ. ਅਰੋੜਾ ਨੇ ਆਪਣੇ ਦੌਰੇ ਦੌਰਾਨ ਇੰਗਲੈਂਡ ਦੀਆਂ ਕਈ ਸਿੱਖ ਸੰਸਥਾਵਾਂ ਨਾਲ ਵੀ ਮੁਲਾਕਾਤ ਕੀਤੀ, ਜਿੱਥੇ ਵਿਦੇਸ਼ੀ ਸਿੱਖ ਭਾਈਚਾਰੇ ਨੇ ਵੀ ਪਾਕਿਸਤਾਨੀ ਹਕੂਮਤ ਦੇ ਇਹਨਾਂ ਉਪਰਾਲਿਆਂ ਦੀ ਸਰਾਹਣਾ ਕੀਤੀ।

ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ



ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਬੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com


DAMDAMI TAKSAL
AMRIT SANCHAARS
JUNE/JULY 2025
ਆਵਾਜ਼ਿ ਕੌਮ AWAZE QAUM
International Newspaper & WEB TV
EAST LONDON
SATURDAY 5TH JULY | 1PM
SRI GURU SINGH SABHA, 2-8 PARK AVE, SOUTHALL, UB1 3AG
SOUTHALL
SUNDAY 20TH JULY | 1PM
SRI GURU SINGH SABHA, 2-8 PARK AVE, SOUTHALL, UB1 3AG
CONTACT 07940 270 120 FOR MORE DETAILS
DAMDAMI TAKSAL JATHA UK & EUROPE


DAMDAMI TAKSAL
JATHA (UK & EUROPE)
ਅੰਮ੍ਰਿਤ ਸੰਚਾਰ
AMRIT SANCHAR
SOUTHALL
ਆਵਾਜ਼ਿ ਕੌਮ AWAZE QAUM
International Newspaper & WEB TV
SUNDAY 20TH JULY | 1PM
SRI GURU SINGH SABHA SOUTHALL
2-8 PARK AVE | SOUTHALL | UB1 3AG
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS


DAMDAMI TAKSAL
ਅੰਮ੍ਰਿਤ ਸੰਚਾਰ
AMRIT SANCHAR
EAST LONDON
ਆਵਾਜ਼ਿ ਕੌਮ AWAZE QAUM
International Newspaper & WEB TV
SATURDAY 5TH JULY | 1PM
ATAM ACADEMY
LITTLE HEATH | BARLEY LN | ROMFORD | RM6 4XX
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS

ਸੂਰਾ ਸੋ ਪਿਹਚਾਨੀਐ ਜੁ ਲਰੈ ਦੀਨ ਕੇਹੇਤ
ਪੁਰਜਪੁਰਜਕਿਟਮਰੈਕਬਹੂਨ ਛਾਡੈ ਖੇਤੁ॥੨॥੨॥'



Dhan Dhan Shaheed Baba Banda Singh Ji Bahadur De Shaheedi Yaad.
Vich Annual Akhand Path Sahib

**Akhand Path Aram Friday 4th July – 10.00am**

**Akhand Path Bhog**
**Sunday 6th July 10.00am**

ਆਵਾਜ਼ਿ ਕੌਮ AWAZE QAUM International Newspaper & WEB TV

**After Bhog; Kirtan, and**
**Guru Ka Langar.**
**Please join us with your family and friends.**

Guru Nanak Gurudwara, Wednesfield 96 Well Lane, Wednesfield
WV1 1XT Contact: J Singh 07401259555 P Singh 7764707028






--✶ ਗੁਰੂ ਪੰਥ ਦਾ ਸੇਵਾਦਾਰ ✶--

# ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ

ਮੁਖੀ ਦਮਦਮੀ ਟਕਸਾਲ,
ਜਥਾ ਭਿੰਡਰਾਂ, ਮਹਿਤਾ

## ਅਤੇ ਪ੍ਰਧਾਨ ਸੰਤ ਸਮਾਜ

# ਦੇਗ ਤੇਗ਼ ਫ਼ਤਿਹ



## ਸ੍ਰੀ ਅਖੰਡ ਪਾਠ ਸਾਹਿਬ

# SRI AKHAND PAATH SAHIB

## 18-20TH JULY 2025

**SRI GURU SINGH SABHA SOUTHALL, PARK AVENUE I UB13AG**

ਸ਼ਹੀਦ ਜਨਰਲ ਲਾਭ ਸਿੰਘ ਮੁਖੀ ਖਾਲਿਸਤਾਨ ਕਮਾਂਡੋ ਫੋਰਸ : ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ : ਸ਼ਹੀਦ ਜਨਰਲ ਗੁਰਜੰਟ ਸਿੰਘ ਬੁਧਸਿੰਘ ਵਾਲਾ ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ : ਸ਼ਹੀਦ ਭਾਈ ਮਹਿੰਦਰ ਸਿੰਘ ਟੋਰੰਟੋ (ਕੈਨੇਡਾ)

**ਸਿੱਖ ਫੈਡਰੇਸ਼ਨ ਯੂ. ਕੇ.**

ਪਰਮਿੰਦਰ ਸਿੰਘ ਬੱਲ ਪ੍ਰਧਾਨ, ਅਜੀਤਪਾਲ ਸਿੰਘ ਸਹੋਤਾ ਜਨਰਲ ਸਕੱਤਰ, ਹਰਮੇਲ ਸਿੰਘ ਖ਼ਾਲਸਾ ਆਰਗੇਨਾਈਜ਼ਰ ਟੈਲੀਫ਼ੋਨ : 07771 608 363, ਈ-ਮੇਲ : PSBAL46@gmail.com

# ★ ਸ਼ਹੀਦੀ ਸਮਾਗਮ ★

ਸ੍ਰੀ ਆਖੰਡ ਪਾਠ ਦੇ ਭੋਗ ਉਪਰੰਤ - 11 ਵਜੇ ਤੋਂ ਇਕ ਵਜੇ ਤੱਕ ਦੀਵਾਨ ਸਜੇਗਾ। ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਤੇ ਵਿਚਾਰ ਰੱਖਣਗੇ। ਸਮੂੰਹ ਪੰਥਕ ਆਗੂਆਂ ਨੂੰ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ। ਸੰਗਤਾਂ ਨੂੰ ਹੁੰਮ-ਹੁਮਾ ਕੇ ਪੁੱਜਣ ਦੀ ਅਪੀਲ ਕੀਤੀ ਜਾਂਦੀ ਹੈ।





ਡੈਂਗੂ ਦਾ ਖਾਤਮਾ

# ਹਰ ਇੱਕ ਦੀ ਜ਼ਿੰਮੇਵਾਰੀ -ਐਸ ਆਈ ਅਸ਼ੋਕ ਕੁਮਾਰ



**ਧੂਰੀ, (ਰਣਜੀਤ ਸਿੰਘ ਪੇਧਨੀ )**-ਸਿਵਲ ਸਰਜਨ ਸੰਗਰੂਰ ਡਾਕਟਰ ਸੰਜੇ ਕਾਮਰਾ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ ਅਤੇ ਐਸ ਐਮ ਓ ਸੁਦੀਪ ਸਿੱਧੂ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਆਧੀਨ ਬਾਲੀਆਂ,ਧੰਦੀਵਾਲ,ਕਾਂਝਲਾ,ਲੱਡਾਂ,ਬੇਨੜਾ ਵਿਖੇ ਵੈਕਟਰ ਬੌਰਨ ਡਜ਼ੀਜ ਐਕਟੀਵਿਟੀ ਕੀਤੀ ਗਈ। ਜਿਸ ਦੌਰਾਨ ਅਸ਼ੋਕ ਕੁਮਾਰ ਐਸ ਆਈ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਇਹ ਮੱਛਰ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ।

ਇਹ ਮੱਛਰ ਕੂਲਰ ਦੇ ਪਾਣੀ ਵਿੱਚ ਅਤੇ ਫਰਿੱਜਾਂ ਪਿੱਛੇ ਲੱਗੀਆਂ ਟਰੇਆਂ,ਗਮਲਿਆਂ,ਕੰਨਟੇਨਰਾ,ਖੈਲਾ ਛੱਤ ਤੇ ਪਏ ਕਬਾੜ ਟਾਇਰਾਂ ਆਦਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਇਸ ਲਈ ਸਾਨੂੰ ਇੱਕ ਹਫਤੇ ਤੋਂ ਪਹਿਲਾਂ ਪਹਿਲਾਂ ਇਹਨਾਂ ਬਰਤਨਾਂ ਵਿਚਲਾ ਪਾਣੀ ਬਦਲ ਦੇਣਾ ਚਾਹੀਦਾ ਹੈ ਅਤੇ ਬਰਤਨਾ ਨੂੰ ਪੂਰੀ ਤਰ੍ਹਾਂ ਸੁੱਕਾ ਕੇ ਫਿਰ ਪਾਣੀ ਪਾਇਆ ਜਾਵੇ ਇਹ ਮੱਛਰ ਸਵੇਰੇ ਸ਼ਾਮ ਕੱਟਦਾ ਹੈ ਇਸ ਲਈ ਸਵੇਰੇ ਸ਼ਾਮ ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ ਜੇ ਕਰ ਕਿਸੇ ਵਿਆਕਤੀ ਨੂੰ ਤੇਜ਼ ਸਿਰ ਦਰਦ ਅਤੇ ਤੇਜ਼ ਬੁਖਾਰ,ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ,ਮਾਸ ਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ,ਜੀ ਕੱਚਾ ਹੋਣਾ ਅਤੇ ਉਲਟੀਆਂ,ਹਾਲਤ ਖ਼ਰਾਬ ਹੋਣ ਤੇ ਨੱਕ,ਮੂੰਹ ਅਤੇ ਮਸੂੜਿਆਂ ਵਿੱਚੋਂ ਖ਼ੂਨ ਵੱਗਣਾ ਆਦਿ ਤਾਂ ਸਾਨੂੰ ਡੈਂਗੂ ਹੋਣ ਦੀਆਂ ਸੰਭਾਨਾਵਾਂ ਹੋ ਸਕਦੀਆਂ ਹਨ ਇਹਨਾਂ ਹਾਲਤਾਂ ਵਿੱਚ ਮਰੀਜ਼ ਨੂੰ ਵੱਧ ਤੋਂ ਵੱਧ ਤਰਲ ਪਦਾਰਥ ਦੇਣੇ ਚਾਹੀਦੇ ਹਨ ਅਤੇ ਮਰੀਜ਼ ਨੂੰ ਵੱਧ ਤੋਂ ਵੱਧ ਆਰਾਮ ਕਰਨਾ ਚਾਹੀਦਾ ਹੈ ਅਤੇ ਮਰੀਜ ਦੇ ਖਾਣਾ ਹਲਕਾ ਦੇਣਾ ਚਾਹੀਦਾ ਹੈ ਜੇ ਕਰ ਮਰੀਜ਼ ਦੀ ਹਾਲਤ ਖ਼ਰਾਬ ਲੱਗੇ ਤਾਂ ਮਰੀਜ਼ ਨੂੰ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੁੰਦਾ ਹੈ ।ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੈਗੂ ਦਾ ਟੈਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ ।ਟੀਮ ਮੈਂਬਰ ਹਰਜੀਤ ਸਿੰਘ, ਅਮਰੀਕ ਸਿੰਘ , ਗੁਰਵਿੰਦਰ ਸਿੰਘ,ਜਸਵਿੰਦਰ ਸਿੰਘ,ਗੁਰਪ੍ਰੀਤ ਸਿੰਘ ਮ,ਪ,ਹ,ਵ (ਮ) ਹਾਜ਼ਰ ਸਨ ।

# ਜੱਸੀ ਸੇਖੋਂ ਨੇ ਫੂਡ ਕਮਿਸ਼ਨ ਮੈਂਬਰ ਵਜੋਂ ਅਹੁਦਾ ਸੰਭਾਲਿਆ, ਅਰੋੜਾ, ਚੀਮਾ, ਕਟਾਰੂਚੱਕ, ਗੱਜਣਮਾਜਰਾ, ਜਵੰਧਾ, ਮੀਮਸਾ ਰਹੇ ਹਾਜ਼ਰ





**ਚੰਡੀਗੜ੍ਹ ( ਰਣਜੀਤ ਸਿੰਘ ਪੇਧਨੀ )**-ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਮਾਮਲਿਆਂ ਦੇ ਇੰਚਾਰਜ ਸ੍ਰੀ ਮਨੀਸ਼ ਸਿਸੋਦੀਆ ਵੱਲੋਂ ਆਮ ਆਦਮੀ ਪਾਰਟੀ ਤੇ ਸੀਨੀਅਰ ਆਗੂ ਸ, ਜਸਵੀਰ ਸਿੰਘ ਜੱਸੀ ਸੇਖੋ ਨੂੰ ਪੰਜਾਬ ਫੂਡ ਕਮਿਸ਼ਨ ਮੈਂਬਰ ਨਿਯੁਕਤ ਕੀਤਾ ਗਿਆ ਸੀ ਜਿਨ੍ਹਾਂ ਨੇ ਅੱਜ ਆਪਣਾ ਅਹੁਦਾ ਸੰਭਾਲਿਆ। ਅਹੁਦਾ ਸੰਭਾਲਣ ਮੌਕੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਸ੍ਰੀ ਅਮਨ ਅਰੋੜਾ ਕੈਬਨਿਟ ਮੰਤਰੀ ਪੰਜਾਬ, ਪੰਜਾਬ ਦੇ ਵਿੱਤ ਮੰਤਰੀ ਸ ਹਰਪਾਲ ਸਿੰਘ ਚੀਮਾ, ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਗੋਇਲ, ਲਾਲ ਚੰਦ ਕਟਾਰੂ ਚੱਕ ਕੈਬਨਿਟ ਮੰਤਰੀ ਪੰਜਾਬ ਅਤੇ ਸ,ਜਸਵੰਤ ਸਿੰਘ ਗੱਜਣਮਾਜਰਾ ਨੇ ਇਕੱਤਰ ਹੋ ਕੇ ਜੱਸੀ ਸੇਖੋਂ ਨੂੰ ਅਹੁਦਾ ਸੰਭਾਲਣ ਤੇ ਮੁਬਾਰਕਵਾਦ ਦਿੱਤੀ ।ਇਸ ਮੌਕੇ ਫੂਡ ਕਮਿਸ਼ਨ ਦੇ ਮੈਂਬਰ ਜੱਸੀ ਸੇਖੋਂ ਨੇ ਆਪਣਾ ਅਹੁਦਾ ਸੰਭਾਲਦਿਆ ਕਿਹਾ ਕਿ ਉਹ ਪਾਰਟੀ ਵੱਲੋਂ ਮਿਲੀ ਜ਼ਿੰਮੇਵਾਰੀ ਨੂੰ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ, ਪਾਰਟੀ ਦੀ ਚੜ੍ਹਦੀ ਕਲਾ ਲਈ ਦਿਨ ਰਾਤ ਮਿਹਨਤ ਕਰਨਗੇ। ਇਸ ਮੌਕੇ ਆਪ ਆਗੂ ਹਰਪ੍ਰੀਤ ਸਿੰਘ ਮੀਮਸਾ, ਆਪ ਆਗੂ ਗੁਰਵਿੰਦਰ ਸਿੰਘ ਸੋਹੀ, ਧੂਰੀ ਟਰੱਕ ਯੂਨੀਅਨ ਦੇ ਮੁੱਖ ਸੇਵਾਦਾਰ ਗਗਨ ਜਵੰਧਾ, ਰਛਪਾਲ ਸਿੰਘ ਭੁੱਲਰ ਨਸਾ ਮੁਕਤੀ ਯਾਤਰਾ ਦੇ ਕੋਆਰਡੀਨੇਟਰ, ਐਡਵੋਕੇਟ ਰੂਬਲ ਬਾਜਵਾ, ਅਮਰਜੋਤ ਕੌਰ ਬਾਜਵਾ ਐਮਸੀ, ਹਰਪ੍ਰੀਤ ਸਿੰਘ ਅਲਾਲ ਮੀਡੀਆ ਸਲਾਹਕਾਰ ਫੂਡ ਮਨਿਸਟਰ ਪੰਜਾਬ ਹਾਜ਼ਰ ਸਨ।

## ਐੱਸ.ਡੀ.ਐਮ. ਵੱਲੋਂ ਤਹਿਸੀਲ ਦਫ਼ਤਰ ਦੀ ਅਚਨਚੇਤ ਚੈਕਿੰਗ

# ਦਫਤਰ ਦੇ ਕੰਮ 'ਤੇ ਤਸੱਲੀ ਦਾ ਪ੍ਰਗਟਾਵਾ





**ਸੁਨਾਮ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਤੇ ਡਿਪਟੀ ਕਮਿਸ਼ਨਰ ਸ਼੍ਰੀ ਸੰਦੀਪ ਰਿਸ਼ੀ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਿਕ ਐਸ.ਡੀ.ਐਮ., ਸੁਨਾਮ ਸ਼੍ਰੀ ਪ੍ਰਮੋਦ ਸਿੰਗਲਾ ਵੱਲੋਂ ਤਹਿਸੀਲ ਦਫਤਰ ਸੁਨਾਮ ਦੀ ਅਚਨਚੇਤ ਚੈਕਿੰਗ ਕੀਤੀ ਗਈ ਅਤੇ ਕੀਤੀਆਂ ਜਾ ਰਹੀਆਂ ਰਜਿਸਟਰੀਆਂ ਦੇ ਕੰਮ ਦਾ ਜਾਇਜ਼ਾ ਲਿਆ ਗਿਆ। ਇਸ ਸਬੰਧੀ ਗੱਲਬਾਤ ਕਰਦਿਆਂ ਐਸ.ਡੀ.ਐਮ. ਨੇ ਦੱਸਿਆ ਕਿ ਤਹਿਸੀਲ ਵਿੱਚ ਰਜਿਸਟਰੀਆਂ ਕਰਨ ਦਾ ਕੰਮ ਬਹੁਤ ਹੀ ਸੁਚੱਜੇ ਢੰਗ ਨਾਲ ਚੱਲ ਰਿਹਾ ਹੈ ਅਤੇ ਕਿਸੇ ਕਿਸਮ ਦਾ ਕੋਈ ਵੀ ਕੰਮ ਬਕਾਇਆ ਨਹੀਂ ਹੈ। ਉਹਨਾਂ ਕਿਹਾ ਕਿ ਤਹਿਸੀਲ ਦਫਤਰਾਂ ਵਿਖੇ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾ ਰਹੀ। ਐਸ.ਡੀ.ਐਮ. ਨੇ ਕਿਹਾ ਕਿ ਤਹਿਸੀਲ ਦਫਤਰਾਂ ਵਿਖੇ ਲੋਕਾਂ ਨੂੰ ਲੋੜੀਂਦੀ ਸਾਰੀਆਂ ਸਹੂਲਤਾਂ ਮੁਹਈਆ ਕਰਵਾਈਆਂ ਜਾ ਰਹੀਆਂ ਹਨ। ਜੇਕਰ ਫਿਰ ਵੀ ਕਿਸੇ ਨੂੰ ਕੋਈ ਦਿੱਕਤ ਆਉਂਦੀ ਹੈ ਤਾਂ ਉਹ ਦਫਤਰੀ ਸਮੇਂ ਦੌਰਾਨ ਉਹਨਾਂ ਨਾਲ ਰਾਬਤਾ ਕਰ ਕੇ ਆਪਣੀਆਂ ਮੁਸ਼ਕਿਲਾਂ ਦੱਸ ਸਕਦੇ ਹਨ। ਲੋਕਾਂ ਦੀਆਂ ਮੁਸ਼ਕਿਲਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ ਅਤੇ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਕਿਸੇ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਉਹਨਾਂ ਨੇ ਦਫ਼ਤਰ ਵਿੱਚ ਆਪਣੇ ਕੰਮਾਂ ਲਈ ਪੁੱਜੇ ਲੋਕਾਂ ਨਾਲ ਗੱਲਬਾਤ ਕੀਤੀ ਤੇ ਲੋਕਾਂ ਨੇ ਕੀਤੇ ਜਾ ਰਹੇ ਕੰਮਾਂ ਸਬੰਧੀ ਤਸੱਲੀ ਦਾ ਪ੍ਰਗਟਾਵਾ ਕੀਤਾ।

## ਸੀਨੀਅਰ ਸਿਟੀਜਨਾਂ ਦੇ ਜਨਮ ਦਿਨ ਮਨਾਕੇ

# ਲੰਬੀ ਉਮਰ ਲਈ ਕਾਮਨਾ ਕੀਤੀ



**ਧੂਰੀ( ਰਣਜੀਤ ਸਿੰਘ ਪੇਧਨੀ )**-ਸੀਨੀਅਰ ਸਿਟੀਜਨ ਵੈਲਫੇਅਰ ਐਸੋਸੀਏਸ਼ਨ (ਰਜਿ:) ਰਾਮ ਬਾਗ ਪਾਰਕ ਧੂਰੀ ਦੀ ਮਹੀਨਾਵਾਰ ਮੀਟਿੰਗ ਹੋਈ। ਕਾਫੀ ਮੈਂਬਰਾਂ ਨੇ ਭਾਗ ਲਿਆ। ਸਭ ਤੋਂ ਪਹਿਲਾਂ ਸ੍ਰੀ ਰਣਜੀਤ ਸਿੰਘ, ਏ.ਐੱਫ.ਐਸ.ਓ ਅਤੇ ਸਮਾਜ ਸੇਵੀ ਮਹਾਸ਼ਾ ਪ੍ਰਤਿੱਗਿਆ ਪਾਲ ਜੀ ਦੇ ਅਚਾਨਕ ਸਵਰਗਵਾਸ ਹੋਣ ਤੇ ਦੋ ਮਿੰਟ ਦਾ ਮੌਨ ਧਾਰਨ ਕਰਕੇ ਅਰਦਾਸ ਕੀਤੀ ਗਈ ਕਿ ਪਰਮਾਤਮਾ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਉਨ੍ਹਾਂ ਦੀ ਆਤਮਾ ਨੂੰ ਸ਼ਾਂਤੀ ਬਖਸ਼ੇ। ਇਸ ਵਾਰ 11 ਮੈਂਬਰਾਂ ਦੇ ਜਨਮ ਦਿਨ ਮਨਾਏ ਗਏ, ਜਿਸ ਵਿੱਚ ਦਰਸ਼ਨ ਸਿੰਘ, ਬਲਦੇਵ ਸਿੰਘ, ਸੁਰਜੀਤ ਸਿੰਘ, ਲਾਭ ਸਿੰਘ, ਰਾਮ ਦਾਸ, ਜਗਸੀਰ ਸਿੰਘ, ਰਾਜ ਕੁਮਾਰ, ਤਰਲੋਚਨ ਸਿੰਘ, ਭਗਵਾਨ ਦਾਸ ਮਿੱਤਲ ਵਕੀਲ, ਤਰਲੋਚਨ ਸਿੰਘ ਅਤੇ ਹੰਸ ਰਾਜ ਅੱਤਰੀ ਦਾ ਜਨਮ ਦਿਨ ਹਾਰ ਪਾ ਕੇ ਅਤੇ ਐਸੋਸੀਏਸ਼ਨ ਵੱਲੋਂ ਯਾਦਗਾਰੀ ਗਿਫਟ ਦੇ ਕੇ ਮਨਾਏ ਗਏ। ਇਹਨਾਂ ਬਾਰੇ ਸਤਿਕਾਰਯੋਗ ਮੈਂਬਰਾਂ ਨੇ ਦਿਲ ਖੋਲਕੇ ਐਸੋਸੀਏਸ਼ਨ ਨੂੰ ਸਹਾਇਤਾ ਫੰਡ ਦਿੱਤਾ ਗਿਆ। ਐਸੋਸੀਏਸ਼ਨ ਨੇ ਦਿਲੋਂ ਧੰਨਵਾਦ ਕੀਤਾ। ਸ੍ਰੀ ਭਗਵਾਨ ਦਾਸ ਮਿੱਤਲ ਨੇ ਪਹਿਲਾਂ ਹੀ ਐਸੋਸੀਏਸ਼ਨ ਨੂੰ 5100/- ਰੁਪੈ ਸਹਾਇਤਾ ਆਪਣੇ ਜਨਮ ਦਿਨ ਦੀ ਖੁਸ਼ੀ ਵਿੱਚ ਦਿੱਤੇ ਗਏ ਸਨ। ਮਿੱਤਲ ਜੀ ਦਾ ਧੰਨਵਾਦ ਕੀਤਾ ਜਾਂਦਾ ਹੈ। ਸਟੇਜ਼ ਦੀ ਕਾਰਵਾਈ ਜਸਪਾਲ ਸਿੰਘ ਭੁੱਲਰ ਨੇ ਨਿਭਾਈ। ਮਨਜੀਤ ਸਿੰਘ ਬਖਸ਼ੀ ਨੇ ਜਨਮ ਦਿਨ ਵਾਲੇ ਮੈਂਬਰਾਂ ਨੂੰ ਮੁਬਾਰਕਾਂ ਦਿੱਤੀਆਂ ਅਤੇ ਹੰਸ ਸਿੰਘ ਅਤੇ ਰਣਜੀਤ ਅਜਾਦ ਨੇ ਕਵਿਤਾ ਪੇਸ਼ ਕੀਤੀ। ਸ੍ਰੀ ਸੁਖਵੀਰ ਸਿੰਘ, ਪ੍ਰਧਾਨ ਨੇ ਆਏ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਅਗਲੇ ਮਹੀਨੇ ਲਈ ਸੱਦਾ ਦਿੱਤਾ। ਇਸ ਮੌਕੇ ਬਲਵਿੰਦਰ ਸਿੰਘ, ਪ੍ਰੀਤਮ ਸਿੰਘ, ਸੁਰਜੀਤ ਸਿੰਘ, ਰਾਜਿੰਦਰ ਸਿੰਘ ਭੋਲਾ, ਹਰਦੇਵ ਜਵੰਧਾ, ਅਵਤਾਰ ਸਿੰਘ, ਕੈਪਟਨ ਜਸਵਿੰਦਰ ਸਿੰਘ, ਸਤੀਸ਼ ਕੁਮਾਰ, ਅਮਰਜੀਤ ਸਿੰਘ, ਜੈ ਦੇਵ, ਚਮਕੌਰ ਸਿੰਘ, ਹਰਨੇਕ ਸਿੰਘ, ਚਰਨਜੀਤ ਕੈਂਥ, ਮਲਕੀਤ ਚਾਂਗਲੀ, ਸੁਖਵਿੰਦਰ ਸਿੰਘ, ਜਗਰਾਜ ਸਿੰਘ, ਅਜਮੇਰ ਸਿੰਘ, ਮੇਜਰ ਸਿੰਘ, ਰਤਨ ਭੰਡਾਰੀ, ਕੰਵਲਜੀਤ ਸਿੰਘ ਟਿੱਬਾ ਨੇ ਮੈਂਬਰਸ਼ਿਪ ਲੈਣ ਤੇ ਹਾਰ ਪਾ ਕੇ ਸਵਾਗਤ ਕੀਤਾ ਗਿਆ। ਸਾਰਿਆਂ ਨੇ ਤਾੜੀਆਂ ਮਾਰਕੇ ਸਵਾਗਤ ਕੀਤਾ।

# ਕ੍ਰਿਤ੍ਰਿਮ ਬੁੱਧੀ ਸਿਹਤ ਸੰਭਾਲ 'ਚ ਨਵਾਂ ਦੌਰ

**ਕ੍ਰਿਤ੍ਰਿਮ ਬੁੱਧੀ** (Artificial Intelligence - AI) ਸਿਹਤ ਖੇਤਰ ਵਿੱਚ ਵਰਤੀ ਜਾਣ ਵਾਲੀ ਇੱਕ ਨਵੇਕਲੀ ਤਕਨੀਕ ਹੈ ਜੋ ਮਰੀਜ਼ਾਂ ਲਈ ਵਰਦਾਨ ਬਣ ਕੇ ਉੱਭਰ ਰਹੀ ਹੈ। ਦੁਨੀਆ ਭਰ ਵਿੱਚ ਸਿਹਤ ਸੰਭਾਲ ਦੇ ਢਾਂਚੇ ਵਿੱਚ ਨਿਪੁੰਨਤਾ ਲਿਆਉਣ ਲਈ ਏ.ਆਈ. ਦੀ ਵਰਤੋਂ ਕੀਤੀ ਜਾ ਰਹੀ ਹੈ। ਪੀੜਤਾਂ ਦੇ ਰੋਗ ਦੀ ਸਟੀਕ ਪਛਾਣ ਤੋਂ ਲੈ ਕੇ ਰੋਗ ਦੇ ਭਵਿੱਖ ਬਾਬਤ ਜਾਣਕਾਰੀਆਂ ਅਤੇ ਰੋਗ ਨਾਲ ਸੰਬੰਧਿਤ ਦਵਾਈਆਂ ਦੀ ਖੋਜ ਤੋਂ ਲੈ ਕੇ ਵਿਅਕਤੀਗਤ ਇਲਾਜ ਤੱਕ ਦੀ ਜਾਣਕਾਰੀ ਨਾਲ ਏ.ਆਈ. ਸਿਹਤ ਵਿਗਿਆਨ ਨੂੰ ਸਫਲਤਾ ਦੀਆਂ ਮੰਜ਼ਿਲਾਂ ਸਰ ਕਰਾਉਣ ਦੇ ਵਿੱਚ ਯਤਨਸ਼ੀਲ ਹੈ।

**ਰੋਗ ਦੀ ਸਟੀਕ ਪਛਾਣ ਅਤੇ ਇਲਾਜ**

ਅਜੋਕੇ ਸਮੇਂ ਵਿੱਚ ਵਿਗਿਆਨ ਅਤੇ ਤਕਨੀਕ ਦੇ ਸੁਮੇਲ ਦਾ ਲਾਹਾ ਲੈਣ ਲਈ ਸੰਸਾਰ ਭਰ ਦੇ ਹਸਪਤਾਲ ਅਤੇ ਡਾਇਗਨੋਸਟਿਕ ਸੈਂਟਰ ਹੁਣ ਏ.ਆਈ.-ਆਧਾਰਤ ਇਮੇਜ ਅਨਾਲਿਸਿਸ ਸਿਸਟਮ ਵਰਤ ਰਹੇ ਹਨ ਜੋ ਐਮ.ਆਰ.ਆਈ., ਐਕਸਰੇ ਅਤੇ ਸੀ.ਟੀ. ਸਕੈਨ ਨੂੰ ਪੜ੍ਹ ਕੇ ਕੁਝ ਸਕਿੰਟਾਂ ਵਿੱਚ ਰਿਪੋਰਟ ਤਿਆਰ ਕਰ ਸਕਦੇ ਹਨ। ਇਹ ਤਕਨੀਕ ਕੈਂਸਰ, ਦਿਮਾਗੀ ਘਾਟ ਅਤੇ ਦਿਲ ਦੀਆਂ ਬਿਮਾਰੀਆਂ ਦੇ ਸ਼ੁਰੂਆਤੀ ਲੱਛਣ ਪਛਾਣ ਕਰਕੇ ਸਟੀਕ ਇਲਾਜ ਪ੍ਰਧਾਨ ਕਰਨ ਵਿੱਚ ਮਦਦਗਾਰ ਸਾਬਤ ਹੋ ਰਹੀ ਹੈ।

**ਡਾਕਟਰਾਂ ਲਈ ਸਹਾਇਕ**

ਸੰਸਾਰ ਭਰ ਦੇ ਸਿਹਤ ਮਾਹਿਰਾਂ ਵੱਲੋਂ ਏ ਆਈ ਤਕਨੀਕ ਬਾਬਤ ਕਿਹਾ ਜਾ ਰਿਹਾ ਹੈ ਕਿ ਇਹ ਤਕਨੀਕ ਸਿਹਤ ਵਿਗਿਆਨ ਦੀ ਮਦਦ ਕਰਦੀ ਹੈ ਅਤੇ ਗਲਤੀਆਂ ਦੀ ਗੁੰਜਾਇਸ਼ ਨੂੰ ਘਟਾ ਦਿੰਦੀ ਹੈ। ਏ ਆਈ ਤਕਨੀਕ ਦਾ ਸਭ ਤੋਂ ਵੱਡਾ ਸਫਲ ਪਹਿਲੂ ਤੇਜੀ ਨਾਲ ਫੈਸਲੇ ਲੈ ਕੇ ਮਰੀਜ਼ ਦੀ ਜ਼ਿੰਦਗੀ ਬਚਾਉਣ ਦੇ ਵਿੱਚ ਇਹ ਡਾਕਟਰਾਂ ਦੀ ਇੱਕ ਸਹਾਇਕ ਵਜੋਂ ਮਦਦ ਕਰ ਰਹੀ ਹੈ।



**ਵਿਅਕਤੀਗਤ ਇਲਾਜ**

ਮਸ਼ੀਨ ਲਰਨਿੰਗ ਅਤੇ ਡਾਟਾ ਵਿਗਿਆਨ ਦੀ ਮਦਦ ਨਾਲ ਹੁਣ ਮਰੀਜ਼ ਦੀ ਜਿਨੇਟਿਕ ਜਾਣਕਾਰੀ, ਜੀਵਨ ਸ਼ੈਲੀ ਅਤੇ ਮੈਡੀਕਲ ਇਤਿਹਾਸ ਨੂੰ ਦੇਖਦਿਆਂ ਵਿਅਕਤੀਗਤ ਇਲਾਜ ਯੋਜਨਾਵਾਂ ਬਣਾਈਆਂ ਜਾ ਰਹੀਆਂ ਹਨ। ਇਹ ਨਵਾਂ ਢੰਗ "ਪ੍ਰਿਸੀਜ਼ਨ ਮੈਡੀਸਨ" ਦੇ ਨਾਂ ਨਾਲ ਜਾਣਿਆ ਜਾਂਦਾ ਹੈ।

**ਚੁਣੌਤੀਆਂ ਵੀ ਹਨ**

ਏ.ਆਈ. ਨਾਲ ਸਿਹਤ ਸੰਭਾਲ ਵਿੱਚ ਤੇਜ਼ੀ ਆਈ ਹੈ ਪਰ ਇਸ ਦੇ ਨਾਲ ਨਾਲ ਕਈ ਸਮੱਸਿਆਵਾਂ ਵੀ ਉਤਪੰਨ ਹੋਈਆਂ ਹਨ। ਜਿਨਾਂ ਵਿੱਚੋਂ ਪ੍ਰਮੁੱਖ ਹੈ ਡਾਟਾ ਗੋਪਨੀਯਤਾ, ਨੈਤਿਕਤਾ ਅਤੇ ਅਧਿਕਾਰਾਂ ਦੀ ਸੁਰੱਖਿਆ। ਇਸ ਤਰ੍ਹਾਂ ਦੇ ਕਈ ਮੁੱਦੇ ਸੰਸਾਰ ਭਰ ਦੇ ਬੁੱਧੀਜੀਵੀਆਂ ਲਈ ਚੁਣੌਤੀ ਬਣੇ ਹੋਏ ਹਨ।

**ਏ ਆਈ ਤਕਨੀਕ ਦਾ ਭਵਿੱਖ**

ਸੰਸਾਰ ਭਰ ਵਿੱਚ ਤੇਜ਼ੀ ਨਾਲ ਡਿਜੀਟਲ ਸਿਹਤ ਢਾਂਚਾ ਵਿਕਸਤ ਹੋ ਰਿਹਾ ਹੈ, ਜਿਸ ਵਿੱਚ ਏ.ਆਈ. ਇੱਕ ਅਹਿਮ ਭੂਮਿਕਾ ਨਿਭਾ ਰਿਹਾ ਹੈ। ਆਗਾਮੀ ਸਾਲਾਂ ਵਿੱਚ ਇਹ ਤਕਨੀਕ ਪਿੰਡਾਂ ਅਤੇ ਦੂਰ ਦੁਰਾਡੇ ਦੇ ਇਲਾਕਿਆਂ ਤੱਕ ਵੀ ਪਹੁੰਚ ਸਕੇਗੀ ਜਿਸ ਨਾਲ ਸਿਹਤ ਸੰਭਾਲ ਦੀ ਪਹੁੰਚ ਹਰ ਇੱਕ ਤੱਕ ਹੋਵੇਗੀ।

ਕ੍ਰਿਤ੍ਰਿਮ ਬੁੱਧੀ ਸਿਰਫ਼ ਇੱਕ ਤਕਨੀਕੀ ਖੋਜ ਨਹੀਂ ਸਿਹਤ ਸੰਭਾਲ ਵਿੱਚ ਇੱਕ ਨਵੀਂ ਇਨਕਲਾਬ ਹੈ ਜੋ ਜੀਵਨ ਬਚਾਉਣ ਅਤੇ ਜੀਵਨ ਗੁਣਵੱਤਾ ਵਿੱਚ ਸੁਧਾਰ ਲਿਆ ਰਹੀ ਹੈ। ਇਸ ਤਕਨੀਕ ਦਾ ਸਹੀ ਅਤੇ ਨੈਤਿਕ ਵਰਤਾਓ ਭਵਿੱਖ ਦੀ ਚਾਬੀ ਹੈ।

**-ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ , ਸ੍ਰੀ ਅੰਮ੍ਰਿਤਸਰ ਸਾਹਿਬ।**

# ਪੰਜਾਬ ਵਿੱਚ ਕਮਿਊਨਿਸਟ ਲਹਿਰ ਦੀ ਉਤਪਤੀ, ਵਿਕਾਸ ਅਤੇ ਉਤਰਾਵਾਂ ਚੜ੍ਹਾਵਾਂ ਦਾ ਸੰਖੇਪ ਇਤਿਹਾਸ' ਵਿਸ਼ੇ ਤੇ ਗੋਸ਼ਟੀ 5 ਜੁਲਾਈ ਨੂੰ - ਪਵਨ ਹਰਚੰਦਪੁਰੀ



**ਧੂਰੀ( ਰਣਜੀਤ ਸਿੰਘ ਪੇਧਨੀ )**-ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਰਜਿ: ਦੇ ਪ੍ਰਧਾਨ ਪਵਨ ਹਰਚੰਦਪੁਰੀ ਨੇ ਪ੍ਰੈੱਸ ਦੇ ਨਾਮ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਉੱਘੇ ਚਿੰਤਕ, ਬੁੱਧੀਜੀਵੀ ਅਤੇ ਰਾਜਸੀ ਆਗੂ ਸ੍ਰੀ ਲਹਿਬਰ ਸਿੰਘ ਤੱਗੜ ਦੁਆਰਾ ਲਿਖੀ ਪੁਸਤਕ 'ਪੰਜਾਬ ਵਿੱਚ ਕਮਿਊਨਿਸਟ ਲਹਿਰ ਦੀ ਉਤਪਤੀ, ਵਿਕਾਸ ਅਤੇ ਉਤਰਾਵਾਂ ਚੜ੍ਹਾਵਾਂ ਦਾ ਸੰਖੇਪ ਇਤਿਹਾਸ' ਉੱਪਰ ਵਿਸਥਾਰਿਤ ਗੋਸ਼ਟੀ 5 ਜੁਲਾਈ 2025 ਨੂੰ ਸਵੇਰੇ 10:00 ਵਜੇ ਭਾਸ਼ਾ ਵਿਭਾਗ ਪਟਿਆਲਾ ਦੇ ਆਡੀਟੋਰੀਅਮ ਵਿੱਚ ਸ਼ਨੀਵਾਰ ਨੂੰ ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਰਜਿ: ਵੱਲੋਂ ਕਾਮਰੇਡ ਮੇਘ ਨਾਥ ਸ਼ਰਮਾ ਬਠਿੰਡਾ, ਡਾ. ਦਰਸ਼ਨ ਸਿੰਘ ਆਸ਼ਟ ਪ੍ਰਧਾਨ ਅਤੇ ਜਨਰਲ ਸਕੱਤਰ ਦਵਿੰਦਰ ਪਟਿਆਲਵੀ, ਪੰਜਾਬੀ ਸਾਹਿਤ ਸਭਾ ਪਟਿਆਲਾ ਅਤੇ ਸ੍ਰੀ ਜੀ.ਐੱਸ. ਆਨੰਦ ਪ੍ਰਧਾਨ ਤੇ ਜਨਰਲ ਸਕੱਤਰ ਬਲਵੀਰ ਜਲਾਲਾਬਾਦੀ, ਗਿਆਨਦੀਪ ਸਾਹਿਤ ਸਾਧਨਾ ਮੰਚ ਪਟਿਆਲਾ ਅਤੇ ਪਟਿਆਲੇ ਜ਼ਿਲ੍ਹੇ ਦੀਆਂ ਸਭਾਵਾਂ ਦੇ ਉਤਸ਼ਾਹਜਨਕ ਸਹਿਯੋਗ ਨਾਲ ਕਰਵਾਈ ਜਾ ਰਹੀ ਹੈ। ਇਸ ਸੰਬੰਧੀ ਪਟਿਆਲਾ, ਸੰਗਰੂਰ, ਮਾਲੇਰਕੋਟਲਾ, ਫਤਿਹਗੜ੍ਹ ਸਾਹਿਬ, ਮੋਹਾਲੀ ਜ਼ਿਲਿਆਂ ਦੇ ਮੈਂਬਰਾਂ ਅਤੇ ਕੇਂਦਰੀ ਸਭਾ ਦੀ ਚੁਣੀ ਹੋਈ ਕਮੇਟੀ ਅਤੇ ਕਾਰਜਕਾਰਨੀ ਨਾਲ ਸੰਪਰਕ ਹੋ ਚੁੱਕਿਆ ਹੈ। ਪੰਜਾਬ ਅੰਦਰਲੀਆਂ ਸਭਾਵਾਂ ਦੇ ਆਗੂਆਂ ਨੂੰ ਸੱਦਾ ਪੱਤਰ ਭੇਜੇ ਜਾ ਚੁੱਕੇ ਹਨ। ਇਸ ਪੁਸਤਕ ਉੱਪਰ ਡਾ. ਭੀਮਇੰਦਰ ਸਿੰਘ, ਡਾ. ਜੋਗਾ ਸਿੰਘ ਅਤੇ ਡਾ. ਗੁਰਨਾਇਬ ਸਿੰਘ ਪੇਪਰ ਪੜ੍ਹਨਗੇ। ਇਸ ਸਮਾਗਮ ਦੇ ਮੁੱਖ ਮਹਿਮਾਨ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ, ਵਿਸ਼ੇਸ਼ ਹਿਮਾਨ ਸਾਹਿਤ ਰਤਨ ਪੰਜਾਬ ਡਾ. ਤੇਜਵੰਤ ਮਾਨ ਅਤੇ ਵਿਸ਼ਵ ਚਿੰਤਕ ਡਾ. ਸਵਰਾਜ ਸਿੰਘ ਹੋਣਗੇ। ਇਸ ਸਮਾਗਮ ਦੀ ਪ੍ਰਧਾਨਗੀ ਪ੍ਰਧਾਨ ਪਵਨ ਹਰਚੰਦਪੁਰੀ ਤੋਂ ਇਲਾਵਾ ਉੱਘੇ ਚਿੰਤਕ ਡਾ. ਸੁਰਜੀਤ ਸਿੰਘ ਭੱਟੀ, ਉੱਘੇ ਆਲੋਚਕ ਡਾ. ਰਾਜਿੰਦਰਪਾਲ ਸਿੰਘ ਬਰਾੜ, ਚਿੰਤਨਸ਼ੀਲ ਅਤੇ ਸੰਜੀਦਾ ਲੇਖਕ ਬੀ.ਐੱਸ. ਰਤਨ, ਡਾ. ਬਲਦੇਵ ਸਿੰਘ ਬੱਧਨ ਸਾਬਕਾ ਨਿਰਦੇਸ਼ਕ ਐਨ.ਐੱਸ.ਬੀ.ਟੀ, ਡਾ. ਜੋਗਿੰਦਰ ਸਿੰਘ ਨਿਰਾਲਾ ਅਤੇ ਡਾ. ਗੁਰਚਰਨ ਕੌਰ ਕੋਚਰ ਦੋਵੇਂ ਸੀਨੀਅਰ ਮੀਤ ਪ੍ਰਧਾਨ ਕੇਂਦਰੀ ਸਭਾ ਹੋਣਗੇ। ਪੰਜਾਬੀ ਸਾਹਿਤ ਦੀਆਂ ਉੱਘੀਆਂ ਹਸਤੀਆਂ ਅਤੇ ਰਾਜਨੀਤਿਕ ਬੁੱਧੀਜੀਵੀ ਗੋਸ਼ਟੀ ਅੰਦਰਲੇ ਸੰਵਾਦ ਨੂੰ ਹੋਰ ਸੁਚਾਰੂ ਬਣਾਉਣਗੇ। ਸਮਾਗਮ ਵਿੱਚ ਅਗਾਂਹਵਧੂ ਅਤੇ ਇਨਕਲਾਬੀ ਕਵਿਤਾਵਾਂ ਵੀ ਪੇਸ਼ ਹੋਣਗੀਆਂ।

# ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਮਨਾਇਆ ਗਿਆ ਡਾਕਟਰ ਦਿਵਸ



**ਤਲਵੰਡੀ ਸਾਬੋ, 01 ਜੁਲਾਈ (ਗੁਰਜੰਟ ਸਿੰਘ ਨਥੇਹਾ)**-ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਹਸਪਤਾਲ ਦੇ ਸਾਰੇ ਡਾਕਟਰਾਂ ਵੱਲੋਂ ਸੀਨੀਅਰ ਮੈਡੀਕਲ ਅਫਸਰ ਰਵੀ ਕਾਂਤ ਗੁਪਤਾ ਦੀ ਅਗਵਾਈ ਹੇਠ ਡਾਕਟਰ ਦਿਵਸ ਮਨਾਇਆ ਗਿਆ। ਇਸ ਮੌਕੇ ਡਾਕਟਰਾਂ ਵੱਲੋਂ ਕੇਕ ਕੱਟ ਕੇ ਇੱਕ ਦੂਜੇ ਨੂੰ ਡਾਕਟਰ ਦਿਵਸ ਦੀ ਵਧਾਈ ਦਿੱਤੀ ਗਈ। ਸੀਨੀਅਰ ਮੈਡੀਕਲ ਅਫ਼ਸਰ ਰਵੀ ਕਾਂਤ ਗੁਪਤਾ ਨੇ ਕਿਹਾ ਕਿ ਸਿਵਲ ਹਸਪਤਾਲ ਵਿਖੇ ਆਉਣ ਵਾਲੇ ਮਰੀਜ਼ਾਂ ਨੂੰ ਕਿਸੇ ਕਿਸਮ ਦੀ ਕੋਈ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪੈ ਰਿਹਾ ਹੈ ਤੇ ਨਾ ਹੀ ਕਰਨਾ ਪਵੇਗਾ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਹੂਲਤ ਲਈ ਇੱਥੇ ਲੱਗਭਗ ਸਾਰੇ ਡਾਕਟਰ ਤਾਇਨਾਤ ਹਨ ਤੇ ਗੋਡੇ ਬਦਲਣ ਦੇ ਕਈ ਸਫਲਤਾਪੂਰਵਕ ਅਪ੍ਰੇਸ਼ਨ ਕੀਤੇ ਗਏ ਹਨ, ਇਸ ਨਾਲ ਇਲਾਕੇ ਨੂੰ ਵਧੇਰੇ ਫਾਇਦਾ ਹੋਇਆ ਤੇ ਅਗਾਂਹ ਵੀ ਹੋਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਜਲਦ ਹੀ ਚਿੱਟੇ ਤੇ ਕਾਲੇ ਮੋਤੀਆਂ ਦੇ ਆਪ੍ਰੇਸ਼ਨ ਵੀ ਸ਼ੁਰੂ ਕੀਤੇ ਜਾਣਗੇ ਜਿਸ ਲਈ ਉਪਰਾਲੇ ਚੱਲ ਰਹੇ ਹਨ। ਉਨ੍ਹਾਂ ਹਸਪਤਾਲ ਵਿਖੇ ਲੋਕਾਂ ਦੀ ਸਹੂਲਤ ਲਈ ਆਮ ਪਬਲਿਕ ਤੇ ਸਮਾਜ ਸੇਵੀਆਂ ਤੋਂ ਸਹਿਯੋਗ ਦੀ ਮੰਗ ਕੀਤੀ। ਇਸ ਮੌਕੇ ਡਾਕਟਰ ਸਾਹਿਬਾਨ ਹਾਜ਼ਰ ਸਨ।

# ਬਰਸਾਤੀ ਮੌਸਮ ਨੂੰ ਧਿਆਨ ਵਿੱਚ ਰੱਖਦੇ ਹੋਏ ਐੱਸ.ਡੀ.ਐਮ. ਵੱਲੋਂ ਹਦਾਇਤਾਂ ਜਾਰੀ

**ਭਵਾਨੀਗੜ੍ਹ ( ਰਣਜੀਤ ਸਿੰਘ ਪੇਧਨੀ )**-ਐੱਸ.ਡੀ.ਐਮ. ਭਵਾਨੀਗੜ੍ਹ, ਮਨਜੀਤ ਕੌਰ ਵੱਲੋਂ ਤਹਿਸੀਲ ਦਫਤਰ ਵਿੱਚ ਕੰਮ ਕਰ ਰਹੇ ਕਾਨੂੰਗੋ, ਪਟਵਾਰੀਆਂ ਅਤੇ ਕਰਮਚਾਰੀਆਂ ਨਾਲ ਮੀਟਿੰਗ ਕੀਤੀ ਗਈ ਤੇ ਪੰਜਾਬ ਸਰਕਾਰ ਵਲੋਂ ਸਮੇਂ-ਸਮੇਂ ਸਿਰ ਜਾਰੀ ਹੋਈਆਂ ਹਦਾਇਤਾਂ ਦੀ ਪਾਲਣਾਂ ਵਿੱਚ ਆਮ ਪਬਲਿਕ ਨੂੰ ਮਿਲਣ ਵਾਲੀਆਂ ਸੇਵਾਵਾਂ ਵਿੱਚ ਤੇਜ਼ੀ ਲਿਆਉਣ ਦੀ ਹਦਾਇਤ ਕਰਦੇ ਹੋਏ ਬਰਸਾਤ ਦੇ ਸੀਜ਼ਨ ਵਿੱਚ ਹਰ ਸਮੇਂ ਹੈਡ ਕੁਆਟਰ 'ਤੇ ਹਾਜ਼ਰ ਰਹਿਣ ਅਤੇ ਦਫਤਰੀ ਕੰਮ-ਕਾਜ ਕਰਵਾਉਣ ਵਿੱਚ ਲੋਕਾਂ ਨੂੰ ਮੁਸ਼ਕਿਲ ਪੇਸ਼ ਨਾ ਆਉਣ ਦੇਣ ਦੀਆਂ ਹਦਾਇਤਾਂ ਦਿੱਤੀਆਂ ਗਈਆਂ। ਇਸ ਮੌਕੇ ਤਹਿਸੀਲਦਾਰ ਅਤੇ ਨਾਇਬ ਤਹਿਸੀਲਦਾਰ ਵੀ ਹਾਜ਼ਰ ਸਨ। ਐਸ.ਡੀ.ਐਮ. ਭਵਾਨੀਗੜ੍ਹ ਨੇ ਸਮੂਹ ਅਧਿਕਾਰੀਆਂ ਅਤੇ ਫੀਲਡ ਸਟਾਫ ਨੂੰ ਹਦਾਇਤਾਂ ਜਾਰੀ ਕੀਤੀਆਂ ਕਿ ਬਰਸਾਤੀ ਸੀਜ਼ਨ ਦੌਰਾਨ ਫੀਲਡ ਸਟਾਫ ਦੇ ਸਾਰੇ ਅਧਿਕਾਰੀ/ਕਰਮਚਾਰੀ ਆਪਣੇ-ਆਪਣੇ ਸਰਕਲ 'ਤੇ ਹਾਜ਼ਰ ਰਹਿਣਗੇ ਤਾਂ ਜੋ ਕਿਸੇ ਤਰ੍ਹਾਂ ਦੀ ਵੀ ਸਮੱਸਿਆ ਪੈਦਾ ਹੁੰਦੀ ਹੈ ਤਾਂ ਉਸ ਸਬੰਧੀ ਸਮੇਂ ਸਿਰ ਕਾਰਵਾਈ ਕੀਤੀ ਜਾ ਸਕੇ। ਇਸ ਤੋਂ ਇਲਾਵਾ ਸਮੂਹ ਕਾਨੂੰਗੋ ਅਤੇ ਪਟਵਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਕਿ ਰੋਜ਼ਾਨਾ ਇੰਤਕਾਲ ਦੀ ਪੈਨਡੈਂਸੀ ਤੁਰੰਤ ਖਤਮ ਕੀਤੀ ਜਾਵੇ। ਜਮ੍ਹਾਂਬੰਦੀਆਂ ਦਾ ਕੰਮ ਮੁਕੰਮਲ ਕੀਤਾ ਜਾਵੇ, ਸਵਾਮਿਤਵਾ ਸਕੀਮ ਅਧੀਨ ਚਲ ਰਹੇ ਕੰਮ ਵਿੱਚ ਤੇਜ਼ੀ ਲਿਆਂਦੀ ਜਾਵੇ। ਇਸ ਤੋਂ ਇਲਾਵਾ ਅਦਾਲਤੀ ਕੇਸਾਂ ਦਾ ਸਮਾਂ ਸੀਮਾ ਦੇ ਅੰਦਰ-ਅੰਦਰ ਨਿਪਟਾਰਾ ਕੀਤਾ ਜਾਵੇ। ਪੁਰਾਣੇ ਚਲਦੇ ਤਕਸੀਮ ਆਦਿ ਦੇ ਕੇਸਾਂ ਦਾ ਜਲਦੀ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ। ਈ-ਸੇਵਾ/ਪੀ.ਜੀ.ਆਰ.ਐਸ. ਪੋਰਟਲ ਦੀ ਪੈਨਡੈਂਸੀ ਰੋਜ਼ਾਨਾ ਚੈੱਕ ਕਰਕੇ ਕਲੀਅਰ ਕੀਤੀ ਜਾਵੇ। ਮਾਣਯੋਗ ਅਦਾਲਤਾਂ ਵਲੋਂ ਕਿਸੇ ਰਕਬੇ 'ਤੇ ਕੋਈ ਸਟੇਅ ਦਿੱਤੀ ਹੈ, ਉਸ ਦਾ ਇੰਦਰਾਜ ਮਾਲ ਰਿਕਾਰਡ ਵਿੱਚ ਤੁਰੰਤ ਕੀਤਾ ਜਾਵੇ। ਚੌਕੀਦਾਰਾ ਮਾਮਲੇ ਦੀ ਰਿਕਵਰੀ ਅਤੇ 47-ਏ ਕੇਸਾਂ ਦੀ ਰਿਕਵਰੀ ਕਰਨ ਲਈ ਠੋਸ ਉਪਰਾਲੇ ਕੀਤੇ ਜਾਣ। ਨਿਸ਼ਾਨਦੇਹੀਆਂ ਦਾ ਕੰਮ ਸਮੇਂ ਅੰਦਰ ਮੁਕੰਮਲ ਕਰ ਕੇ ਰਿਪੋਰਟਾਂ ਭੇਜੀਆਂ ਜਾਣ।



ਧੰਨ ਧੰਨ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ, ਦਸਮ ਪਿਤਾ ਜੀ ਦੇ 350 ਸਾਲਾ ਗੁਰਤਾ ਗੱਦੀ ਗੁਰਪੁਰਬ ਅਤੇ ਗੁਰਸਿੱਖਾਂ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ

# ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਸ਼ਾਂ ਦੇ ਵਿਸ਼ੇਸ਼ ਸਹਿਯੋਗ ਸਕਦਾ ਆਦਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਬਾਣੀ ਦੇ ਸ਼ੁੱਧ ਪਾਠ ਬੋਧ ਸਮਾਗਮ ਆਰੰਭ















ਧੰਨ ਧੰਨ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ , ਦਸਮ ਪਿਤਾ ਜੀ ਦੇ 350 ਸਾਲਾ ਗੁਰਤਾ ਗੱਦੀ ਗੁਰਪੁਰਬ ਅਤੇ ਗੁਰਸਿੱਖਾਂ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਆਦਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਬਾਣੀ ਦੇ ਸ਼ੁੱਧ ਪਾਠ ਬੋਧ ਸਮਾਗਮ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਸ਼ਾਂ ਦੇ ਵਿਸ਼ੇਸ਼ ਸਹਿਯੋਗ ਸਕਦਾ ਅਤੇ ਅਮਰੀਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਗੁ: ਸਾਹਿਬ ਰਿਵਰਸਾਇਡ ਵਿਖੇ ਮਿਤੀ 29 ਜੂਨ ਤੋਂ 2025 ਤੋਂ ਆਰੰਭ ਹੋਏ ਹਨ । ਅਮਰੀਕਾ ਨਿਵਾਸੀ ਸੰਗਤਾਂ ਇਸ ਪਾਠ ਬੋਧ ਸਮਾਗਮ 'ਚ ਹਾਜਰੀਆਂ ਭਰੋ ਅਤੇ ਲਾਹੇ ਪ੍ਰਾਪਤ ਕਰੋ ਜੀ । (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਖਜਾਨਾ ਦਫਤਰ ਮੂਹਰੇ 3 ਜੁਲਾਈ ਨੂੰ

# ਵਿੱਤ ਮੰਤਰੀ ਪੰਜਾਬ ਦਾ ਫੂਕਿਆ ਜਾਵੇਗਾ ਪੁਤਲਾ : ਓਮ ਪ੍ਰਕਾਸ਼



**ਫ਼ਿਰੋਜ਼ਪੁਰ, 01 ਜੁਲਾਈ (ਮਨੋਹਰ ਲਾਲ) :—** ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਅਤੇ ਪੰਜਾਬ ਸੁਬਾਰਡੀਨੇਟਰ ਸਰਵਿਸ ਫੈਡਰੇਸ਼ਨ ਵੱਲੋਂ 3 ਜੁਲਾਈ ਨੂੰ ਸਮਾਂ 11 ਵਜੇ ਖਜਾਨਾ ਦਫਤਰ ਮੂਹਰੇ ਪੂਤਲਾ ਫੂਕ ਮੁਜਾਹਰਾ ਕੀਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਇਸ ਪੂਤਲਾ ਫੂਕ ਮੁਜ਼ਾਹਰੇ ਵਿਚ ਬਲਵੰਤ ਸਿੰਘ ਸੰਧੂ, ਓਮ ਪ੍ਰਕਾਸ਼, ਮਲਕੀਤ ਚੰਦ ਪਾਸੀ, ਸੰਤ ਰਾਮ, ਜਗਤਾਰ ਸਿੰਘ, ਕਵਰਜੀਤ ਸ਼ਰਮਾ ਅਤੇ ਭਰਾਤਰੀ ਜਥੇਬੰਦੀਆਂ, ਪੁਲਿਸ ਵੈਲਫੇਅਰ ਐਸੋਸੀਏਸ਼ਨ ਦੇ ਡੀ.ਐਸ.ਪੀ ਜ਼ਸਪਾਲ ਸਿੰਘ, ਪੰਜਾਬ ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਦੇ ਸੁਬੇਗ ਸਿੰਘ, ਅਜੀਤ ਸਿੰਘ ਸੋਢੀ, ਜੇਲ ਪੈਨਸ਼ਨਰ ਦੇ ਕਸ਼ਮੀਰ ਸਿੰਘ, ਫਾਰੇਸਟ ਵਿਭਾਗ ਦੇ ਮਹਿੰਦਰ ਸਿੰਘ ਧਾਲੀਵਾਲ, ਬਿਜਲੀ ਬੋਰਡ ਦੇ ਪਰਵੇਜ਼ ਸਿਦਾਨਾ, ਕਲਾਸ ਫੌਰ ਯੂਨੀਅਨ ਦੇ ਰਾਮ ਪ੍ਰਸ਼ਾਦ ਅਤੇ ਪੈਰਾ ਮੈਡੀਕਲ ਯੂਨੀਅਨ ਦੇ ਨਰਿੰਦਰ ਸ਼ਰਮਾ ਦੇ ਸਹਿਯੋਗ ਨਾਲ ਖਜਾਨਾ ਦਫਤਰ ਦੇ ਸਾਹਮਣੇ ਰੋਸ ਪ੍ਰਦਰਸ਼ਨ ਕਰਕੇ ਖਜਾਨਾ ਮੰਤਰੀ ਦਾ ਪੂਤਲਾ ਫੂਕਿਆ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਸਬੰਧੀ ਜਥੇਬੰਦੀਆਂ ਦੇ ਆਗੂਆਂ ਨੇ ਇਕ ਮੀਟਿੰਗ ਜਰਨੈਲ ਸਿੰਘ ਭਵਨ ਵਿਚ ਹੋਈ।ਆਗੂਆਂ ਨੇ ਕਿਹਾ ਕਿ ਵੱਖ—ਵੱਖ ਵਿਭਾਗਾਂ ਵਿਚੋਂ ਸੇਵਾ ਮੁਕਤ ਹੋਣ ਵਾਲੇ ਪੈਨਸ਼ਨਰਾਂ ਨੂੰ ਸੋਧੀ ਹੋਈ ਲੀਵ ਇਨਕੈਸ਼ਮੈਂਟ ਦੇ ਬਣਦੇ ਚੋਥੇ ਹਿੱਸੇ ਦੀ ਮਹੀਨਾ ਅਪ੍ਰੈਲ 2025 ਵਿਚ ਅਦਾਇਗੀ ਕਰਨ ਦੇ ਆਦੇਸ਼ ਜਾਰੀ ਕੀਤੇ ਗਏ ਸਨ।ਆਗੂਆਂ ਨੇ ਕਿਹਾ ਕਿ ਪਿਛਲੇ ਤਿੰਨ ਮਹੀਨਿਆਂ ਤੋਂ ਪੰਜਾਬ ਸਰਕਾਰ ਵੱਲੋਂ ਬਿਨਾਂ ਬਿੱਲਾਂ ਦੀ ਅਦਾਇਗੀਆਂ ਕਰਨ, ਅਣ—ਐਲਾਨੀਆਂ ਰੋਕਾਂ ਲਗਾਏ ਜਾਣ ਕਾਰਣ ਇਹ ਬਿੱਲ ਖਜਾਨਾ ਦਫਤਰਾਂ ਵਿਚ ਧੂੜ ਚਟ ਰਹੇ ਹਨ ਅਤੇ ਅਜੇ ਤੱਕ ਕਿਸੇ ਵੀ ਪੈਨਸ਼ਨਰ ਨੂੰ ਸੋਧੀ ਹੋਈ ਲੀਵ ਇਨਕੈਸ਼ਮੈਂਟ ਦੀ ਅਦਾਇਗੀ ਨਹੀਂ ਹੋਈ, ਜਿਸ ਕਾਰਨ ਪੈਨਸ਼ਨਰਾਂ ਵਿਚ ਸਰਕਾਰ ਪ੍ਰਤੀ ਭਾਰੀ ਰੋਸ ਅਤੇ ਗੁੱਸਾ ਪਾਇਆ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸੁਖਪਾਲ ਸਿੰਘ ਖਹਿਰਾ, ਵਿਧਾਇਕ ਨੇ ਆਮ ਆਦਮੀ ਪਾਰਟੀ ਸਰਕਾਰ ਦੀ 8,500 ਕਰੋੜ ਦੇ

# ਨਵੇਂ ਕਰਜ਼ੇ ਨਾਲ ਪੰਜਾਬ ਦੇ ਵਿੱਤੀ ਸੰਕਟ ਨੂੰ ਵਧਾਉਣ ਦੀ ਸਖ਼ਤ ਨਿਖੇਧੀ



**ਜਲੰਧਰ, 1 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਭੋਲਥ ਤੋਂ ਕਾਂਗਰਸ ਵਿਧਾਇਕ ਅਤੇ ਅਖਿਲ ਭਾਰਤ ਕਿਸਾਨ ਕਾਂਗਰਸ ਦੇ ਚੇਅਰਮੈਨ ਸੁਖਪਾਲ ਸਿੰਘ ਖਹਿਰਾ ਨੇ ਅੱਜ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ (ਆਪ) ਸਰਕਾਰ ਦੀ ਸਖ਼ਤ ਨਿਖੇਧੀ ਕੀਤੀ ਕਿ ਉਹ ਪੰਜਾਬ ਨੂੰ ਵਿੱਤੀ ਗਰਤ ਵਿੱਚ ਧੱਕ ਰਹੀ ਹੈ। ਤਾਜ਼ਾ ਰਿਪੋਰਟਾਂ ਅਨੁਸਾਰ, ਆਪ ਸਰਕਾਰ ਜੁਲਾਈ ਤੋਂ ਸਤੰਬਰ 2025 ਦਰਮਿਆਨ ਵਾਧੂ 8,500 ਕਰੋੜ ਰੁਪਏ ਦਾ ਕਰਜ਼ਾ ਲੈਣ ਦੀ ਯੋਜਨਾ ਬਣਾ ਰਹੀ ਹੈ, ਜੋ ਪਹਿਲਾਂ ਹੀ 3.82 ਲੱਖ ਕਰੋੜ ਰੁਪਏ ਦੇ ਹੈਰਾਨਕੁਨ ਕਰਜ਼ੇ ਨੂੰ ਹੋਰ ਵਧਾਏਗੀ। ਖਹਿਰਾ ਨੇ ਆਪ ਸਰਕਾਰ 'ਤੇ ਵਿੱਤੀ ਕੁਮੰਜਰੀ ਦਾ ਦੋਸ਼ ਲਗਾਉਂਦਿਆਂ ਉਜਾਗਰ ਕੀਤਾ ਕਿ ਇਹ ਨਵਾਂ ਕਰਜ਼ਾ ਵਿੱਤੀ ਸਾਲ ਦੀ ਦੂਜੀ ਤਿਮਾਹੀ ਲਈ ਹਰ ਰੋਜ਼ 92 ਕਰੋੜ ਰੁਪਏ ਦੇ ਹਿਸਾਬ ਨਾਲ ਹੈ। "ਜਦੋਂ ਮੁੱਖ ਮੰਤਰੀ ਭਗਵੰਤ ਮਾਨ ਮੀਡੀਆ ਮੁਹਿੰਮਾਂ ਅਤੇ ਸਿਆਸੀ ਡਰਾਮੇਬਾਜ਼ੀ ਨਾਲ ਲੋਕਾਂ ਦਾ ਧਿਆਨ ਭਟਕਾ ਰਹੇ ਹਨ, ਉਦੋਂ ਉਨ੍ਹਾਂ ਦੀ ਸਰਕਾਰ ਚੁੱਪ-ਚੁਪੀਤੇ ਪੰਜਾਬ ਨੂੰ ਕਰਜ਼ੇ ਦੇ ਜਾਲ ਵਿੱਚ ਧੱਕ ਰਹੀ ਹੈ," ਖਹਿਰਾ ਨੇ ਕਿਹਾ। "ਸਿਰਫ਼ ਤਿੰਨ ਸਾਲਾਂ ਵਿੱਚ, ਆਪ ਨੇ ਪੰਜਾਬ ਦੇ ਕਰਜ਼ੇ ਵਿੱਚ 1 ਲੱਖ ਕਰੋੜ ਰੁਪਏ ਦਾ ਵਾਧਾ ਕੀਤਾ ਹੈ, ਜੋ ਮਾਰਚ 2024 ਤੱਕ 3.82 ਲੱਖ ਕਰੋੜ ਰੁਪਏ ਹੋ ਗਿਆ ਹੈ, ਅਤੇ ਮਾਰਚ 2026 ਤੱਕ 4 ਲੱਖ ਕਰੋੜ ਰੁਪਏ ਤੱਕ ਪਹੁੰਚਣ ਦੀ ਸੰਭਾਵਨਾ ਹੈ। ਇਹ ਹਰ ਪੰਜਾਬੀ ਨਾਲ ਧੋਖਾ ਹੈ।" ਕਾਂਗਰਸ ਵਿਧਾਇਕ ਨੇ 2022 ਦੀਆਂ ਚੋਣ ਪ੍ਰਚਾਰ ਦੌਰਾਨ ਆਪ ਦੇ ਵਾਅਦਿਆਂ ਦਾ ਹਵਾਲਾ ਦਿੱਤਾ, ਜਿੱਥੇ ਪਾਰਟੀ ਨੇਤਾ ਅਰਵਿੰਦ ਕੇਜਰੀਵਾਲ ਨੇ ਭ੍ਰਿਸ਼ਟਾਚਾਰ ਅਤੇ ਗੈਰ-ਕਾਨੂੰਨੀ ਰੇਤ ਮਾਈਨਿੰਗ 'ਤੇ ਰੋਕ ਲਗਾ ਕੇ ਬਜਟ ਦੇ ਨੁਕਸਾਨ ਨੂੰ ਖਤਮ ਕਰਨ ਅਤੇ 64,000 ਕਰੋੜ ਰੁਪਏ ਦੀ ਬਚਤ ਦਾ ਦਾਅਵਾ ਕੀਤਾ ਸੀ। "ਇਹ ਵਾਅਦਾ ਕੀਤਾ ਫੰਡ ਕਿੱਥੇ ਹੈ ?" ਖਹਿਰਾ ਨੇ ਸਵਾਲ ਕੀਤਾ। "ਮਾਲੀਆ ਪੈਦਾ ਕਰਨ ਦੀ ਬਜਾਏ, ਆਪ ਜੁਲਾਈ ਵਿੱਚ 2,000 ਕਰੋੜ, ਅਗਸਤ ਵਿੱਚ 3,000 ਕਰੋੜ ਅਤੇ ਸਤੰਬਰ ਵਿੱਚ 3,500 ਕਰੋੜ ਰੁਪਏ ਦਾ ਕਰਜ਼ਾ ਲੈ ਰਹੀ ਹੈ ਤਾਂ ਜੋ ਆਪਣੀਆਂ ਨਾਕਾਮੀਆਂ ਨੂੰ ਢੱਕ ਸਕੇ।ਪੰਜਾਬ ਦਾ ਕਰਜ਼ਾ-ਜੀ.ਡੀ.ਐਸ.ਪੀ. ਅਨੁਪਾਤ ਹੁਣ ਭਾਰਤ ਵਿੱਚ ਦੂਜਾ ਸਭ ਤੋਂ ਵੱਧ ਹੈ, ਜੋ ਇੱਕ ਅਜਿਹੇ ਸੂਬੇ ਦੀ ਨਿਸ਼ਾਨਦੇਹੀ ਕਰਦਾ ਹੈ ਜੋ ਦੀਵਾਲੀਆਪਣ ਦੀ ਕਗਾਰ 'ਤੇ ਹੈ।" ਖਹਿਰਾ ਨੇ ਸਰਕਾਰ 'ਤੇ ਖੇਤੀਬਾੜੀ, ਜਨਤਕ ਕੰਮ ਅਤੇ ਸਿੱਖਿਆ ਵਰਗੇ ਮੁੱਖ ਖੇਤਰਾਂ ਵਿੱਚ ਵਿਕਾਸ ਪ੍ਰੋਜੈਕਟਾਂ ਨੂੰ ਰੋਕਣ ਦਾ ਦੋਸ਼ ਲਗਾਇਆ, ਅਤੇ ਆਰੋਪ ਲਗਾਇਆ ਕਿ ਫੰਡਾਂ ਨੂੰ ਵਧਦੇ ਕਰਜ਼ਿਆਂ ਦੀ ਸੇਵਾ ਲਈ ਮੋੜਿਆ ਜਾ ਰਿਹਾ ਹੈ। "ਆਪ ਸਰਕਾਰ ਕੋਲ ਇਸ ਵਿਸ਼ਾਲ ਕਰਜ਼ੇ ਦੇ ਬਦਲੇ ਕੋਈ ਨਵਾਂ ਬੁਨਿਆਦੀ ਢਾਂਚਾ ਜਾਂ ਸਕੀਮਾਂ ਨਹੀਂ ਹਨ। ਪੰਜਾਬੀਆਂ 'ਤੇ ਪ੍ਰਤੀ ਵਿਅਕਤੀ ਔਸਤਨ 1.33 ਲੱਖ ਰੁਪਏ ਦਾ ਕਰਜ਼ਾ ਲੱਦਿਆ ਜਾ ਰਿਹਾ ਹੈ, ਜਿਸ ਦਾ ਕੋਈ ਠੋਸ ਲਾਭ ਨਹੀਂ ਮਿਲ ਰਿਹਾ," ਉਨ੍ਹਾਂ ਨੇ ਤਾਜ਼ਾ ਵਿੱਤੀ ਖੁਲਾਸਿਆਂ ਦਾ ਹਵਾਲਾ ਦਿੰਦਿਆਂ ਕਿਹਾ। ਤੁਰੰਤ ਜਵਾਬਦੇਹੀ ਦੀ ਮੰਗ ਕਰਦਿਆਂ, ਖਹਿਰਾ ਨੇ ਪੰਜਾਬ ਦੇ ਵਿੱਤ ਦੀ ਕੇਂਦਰੀ ਆਡਿਟ ਦੀ ਮੰਗ ਕੀਤੀ ਅਤੇ ਆਪ ਸਰਕਾਰ ਨੂੰ ਜਨਤਕ ਸਕੀਮਾਂ ਨੂੰ ਫੰਡ ਦੇਣ ਲਈ ਕਰਜ਼ਿਆਂ 'ਤੇ ਨਿਰਭਰਤਾ ਬੰਦ ਕਰਨ ਦੀ ਅਪੀਲ ਕੀਤੀ। "ਪੰਜਾਬ ਦੇ ਲੋਕ ਪਾਰਦਰਸ਼ਤਾ ਦੇ ਹੱਕਦਾਰ ਹਨ, ਨਾ ਕਿ ਕਰਜ਼ੇ ਵਿੱਚ ਜਕੜਿਆ ਭਵਿੱਖ।ਮਾਨ ਸਰਕਾਰ ਨੂੰ ਆਪਣੀਆਂ ਗਲਤ ਨੀਤੀਆਂ ਨੂੰ ਤੁਰੰਤ ਬਦਲਣਾ ਚਾਹੀਦਾ ਹੈ ਅਤੇ ਸਥਾਈ ਮਾਲੀਆ ਪੈਦਾ ਕਰਨ ਨੂੰ ਤਰਜੀਹ ਦੇਣੀ ਚਾਹੀਦੀ ਹੈ," ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ। ਖਹਿਰਾ ਨੇ ਪੰਜਾਬ ਦੇ ਕਿਸਾਨਾਂ, ਨੌਜਵਾਨਾਂ ਅਤੇ ਆਮ ਨਾਗਰਿਕਾਂ ਦੀ ਤਰਫੋਂ ਇਹਨਾਂ ਨਾਜ਼ੁਕ ਮੁੱਦਿਆਂ ਨੂੰ ਉਠਾਉਣ ਦਾ ਸੰਕਲਪ ਜਤਾਇਆ। "ਜਦੋਂ ਤੱਕ ਮੈਂ ਇੱਥੇ ਹਾਂ, ਮੈਂ ਆਪ ਦੀ ਵਿੱਤੀ ਲਾਪਰਵਾਹੀ ਨੂੰ ਬਿਨਾਂ ਚੁਣੌਤੀ ਦੇ ਨਹੀਂ ਛੱਡਾਂਗਾ। ਪੰਜਾਬ ਦਾ ਭਵਿੱਖ ਦਾਅ 'ਤੇ ਹੈ, ਅਤੇ ਸਾਨੂੰ ਇਸ ਨੂੰ ਬਚਾਉਣ ਲਈ ਹੁਣੇ ਕਾਰਵਾਈ ਕਰਨੀ ਚਾਹੀਦੀ ਹੈ," ਉਨ੍ਹਾਂ ਨੇ ਅੰਤ ਵਿੱਚ ਕਿਹਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਅਕਾਲੀ ਦਲ (ਵਾਰਿਸ ਪੰਜਾਬ ਦੇ) ਵੱਲੋਂ ਜਰਮਨੀ ਵਿਖੇ ਇਕਾਈ ਦਾ ਗਠਨ

ਅੰਮ੍ਰਿਤਸਰ, 1 ਜੁਲਾਈ (): ਅੱਜ ਸ਼੍ਰੋਮਣੀ ਅਕਾਲੀ ਦਲ (ਵਾਰਿਸ ਪੰਜਾਬ ਦੇ) ਦੇ ਬੁਲਾਰੇ ਡਾ. ਸੁਰਜੀਤ ਸਿੰਘ ਜਰਮਨੀ ਨੇ ਦੱਸਿਆ ਕਿ ਜਥੇਬੰਦੀ ਦੇ ਪੰਜਾਬ ਇਕਾਈ ਦੇ ਮੈਂਬਰ ਸਾਹਿਬਾਨਾਂ ਦੀ ਸਹਿਮਤੀ ਦੇ ਨਾਲ ਜਰਮਨੀ ਵਿਖੇ ਜਥੇਬੰਦੀ ਦੀ ਇਕਾਈ ਸਥਾਪਿਤ ਕੀਤੀ ਗਈ ਹੈ। ਜਿਸ ਵਿਚ ਜਗਤਾਰ ਸਿੰਘ ਮਾਹਲ, ਮਨਜੀਤ ਸਿੰਘ ਭੋਗਲ, ਅਰਪਿੰਦਰ ਸਿੰਘ ਬਿੱਟੂ, ਡਾ. ਸੁਰਜੀਤ ਸਿੰਘ ਜਰਮਨੀ, ਪਲਵਿੰਦਰ ਸਿੰਘ ਬੱਲ, ਪ੍ਰਭਜੋਤ ਸਿੰਘ ਨੂੰ ਜਥੇਬੰਦੀ ਦੀ ਚੜਦੀ ਕਲਾ ਲਈ ਕੰਮ ਕਰਨ ਦਾ ਜਿੰਮਾ ਦਿੱਤਾ ਗਿਆ। ਨਾਲ ਹੀ ਇਹਨਾਂ ਮੈਂਬਰ ਸਾਹਿਬਾਨਾਂ ਨੂੰ ਜਥੇਬੰਦੀ ਦੀ ਮਜਬੂਤੀ ਲਈ ਹੋਰ ਵੀ ਪੰਜਾਬ ਪ੍ਰਸਤ ਜਰਮਨੀ ਵਿਚ ਵਸਦੇ ਪੰਜਾਬੀਆਂ ਨੂੰ ਨਾਲ ਜੋੜ ਕੇ ਜਰਮਨੀ ਵਿਚ ਵੱਖੋਂ ਸ਼ਹਿਰਾਂ ਦੀਆਂ ਇਕਾਈਆਂ ਸਥਾਪਿਤ ਕਰਨ ਲਈ ਕਿਹਾ ਗਿਆ,ਤਾਂ ਜੋ ਸ਼੍ਰੋਮਣੀ ਅਕਾਲੀ ਦਲ (ਵਾਰਿਸ ਪੰਜਾਬ ਦੇ)ਨੂੰ ਮਜਬੂਤ ਕੀਤਾ ਜਾ ਸਕੇ।ਉਹਨਾਂ ਪੰਜਾਬ ਦੀ ਚੜਦੀ ਕਲਾ ਲਈ ਮਜਬੂਤ ਹੋਣ ਲਈ ਕਿਹਾ ਅਤੇ ਜਥੇਬੰਦੀ ਢਾਂਚੇ ਨੂੰ ਮੁੜ ਸੁਰਜੀਤ ਕਰਨ ਲਈ ਯਤਨਸ਼ੀਲ ਕਾਰਜ ਕੀਤੇ ਜਾਣ। ਜ਼ਿਕਰ ਯੋਗ ਹੈ ਕਿ ਇਹ ਪਾਰਟੀ ਪੰਜਾਬ ਦੇ ਮੁਕਤਸਰ ਸਾਹਿਬ ਵਿਖੇ ਮਾਗੀ ਦੇ ਤਿਉਹਾਰ ਮੌਕੇ ਹੋਣ ਵਿੱਚ ਆਈ ਸੀ।ਅਕਾਲੀ ਦਲ ਵਾਰਸ ਪੰਜਾਬ ਦੀ ਪਾਰਟੀ ਹੈ ਜੋ ਪਿੰਡਾਂ ਅਤੇ ਸ਼ਹਿਰਾਂ ਵਿੱਚ ਵਿਕਾਸ ਚਾਹੁੰਦੀ ਹੈ। ਅਸੀਂ ਪੁਰਜੋਰ ਅਪੀਲ ਕਰਦੇ ਹਾਂ ਕਿ ਪਿੰਡਾਂ ਅਤੇ ਸ਼ਹਿਰਾਂ ਦੇ ਲੋਕ ਇਸ ਪਾਰਟੀ ਦੇ ਨਾਲ ਜੁੜਨ।

ਆਵਾਜ਼ਿ ਕੌਮ AWAZE QAUM International Newspaper & WEB TV


ਅਕਾਲੀ ਦਲ ਵਾਰਿਸ ਪੰਜਾਬ ਦੇ

ਵਾਹਿਗੁਰੂ ਜੀ ਕਾ ਖਾਲਸਾ ॥

ਵਾਹਿਗੁਰੂ ਜੀ ਕੀ ਫਤਹਿ ॥

ਮੈਂਬਰ:- ੧ ਜਗਤਾਰ ਸਿੰਘ ਮਾਹਲ

੨ ਮਨਜੀਤ ਸਿੰਘ ਭੋਗਲ

੩ ਪਲਵਿੰਦਰ ਸਿੰਘ ਬੱਲ

੪ ਡਾ. ਸੁਰਜੀਤ ਸਿੰਘ

੫ ਅਰਪਿੰਦਰ ਸਿੰਘ

੬ ਪ੍ਰਭਜੋਤ ਸਿੰਘ

# ਗੁਰਮਤਿ ਕੈਂਪ ਵਿਚ ਹਿੱਸਾ ਲੈਣ ਵਾਲੇ ਬੱਚਿਆਂ ਨੂੰ ਕੀਤਾ ਗਿਆ ਸਨਮਾਨਿਤ: ਇੰਦਰਪ੍ਰੀਤ ਸਿੰਘ ਕੋਛੜ



ਨਵੀਂ ਦਿੱਲੀ 1 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਕਮੇਟੀ ਦੇ ਨੌਜੁਆਨ ਮੈਂਬਰ ਅਤੇ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਕੋ ਚੇਅਰਮੈਨ ਇੰਦਰਪ੍ਰੀਤ ਸਿੰਘ ਮੌਂਟੀ ਕੋਛੜ ਜੋ ਕਿ ਬੀਤੇ ਕਈ ਵਰਿਆਂ ਤੋਂ ਸਮਾਜ ਸੇਵਾ ਦੇ ਨਾਲ ਬੱਚਿਆਂ ਨੂੰ ਸਿੱਖੀ ਅਤੇ ਬਾਣੀ ਨਾਲ ਜੋੜਨ ਲਈ ਕਈ ਉਪਰਾਲੇ ਕਰਦੇ ਰਹਿੰਦੇ ਹਨ, ਵਲੋਂ ਬੀਤੇ ਮਹੀਨੇ ਸਕੂਲਾਂ ਦੀਆਂ ਛੁਟੀਆਂ ਅੰਦਰ ਵੈਸਟ ਜੋਨ ਅੰਦਰ ਦਿੱਲੀ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਹਿਯੋਗ ਨਾਲ ਵੱਖ ਵੱਖ ਗੁਰਦੁਆਰਾ ਸਾਹਿਬਾਨਾਂ ਵਿਚ ਗੁਰਮਤਿ ਪ੍ਰਚਾਰ ਦੇ ਕੈਂਪ ਲਗਾਏ ਗਏ ਸਨ । ਇਸ ਬਾਰੇ ਜਾਣਕਾਰੀ ਦੇਂਦਿਆ ਉਨ੍ਹਾਂ ਦਸਿਆ ਕਿ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਸੱਤ ਬਲਾਕ, ਗੁਰੂਦੁਆਰਾ ਜੈਅ ਸਿੰਘ ਸੁਭਾਸ਼ ਨਗਰ ਅਤੇ ਗੁਰੂਦੁਆਰਾ ਬਡੂ ਸਾਹਿਬ ਐਫ ਬਲਾਕ ਰਾਜੌਰੀ ਗਾਰਡਨ ਵਿਖ਼ੇ ਬੱਚਿਆਂ ਨੂੰ ਗੁਰਮਤਿ ਅਤੇ ਗੁਰਸਿੱਖੀ ਨਾਲ ਜੋੜਨ ਲਈ ਕੈਂਪ ਲਗਾਏ ਗਏ ਸਨ ਜਿਨ੍ਹਾਂ ਅੰਦਰ ਵਡੀ ਗਿਣਤੀ ਵਿਚ ਬੱਚਿਆਂ ਨੇ ਹਿੱਸਾ ਲਿਆ ਸੀ । ਇੰਨ੍ਹਾ ਕੈਂਪਾਂ ਵਿਚ ਹਿੱਸਾ ਲੈਣ ਵਾਲੇ ਬੱਚਿਆਂ ਨੂੰ ਸਨਮਾਨਿਤ ਕਰਣ ਲਈ ਬੀਤੇ ਦਿਨ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਸੁਭਾਸ਼ ਨਗਰ ਵਿਖ਼ੇ ਇਕ ਵਿਸ਼ੇਸ਼ ਪ੍ਰੋਗਰਾਮ ਰੱਖਿਆ ਗਿਆ ਸੀ ਜਿਸ ਵਿਚ ਵੱਖ ਵੱਖ ਸ਼੍ਰੇਣੀਆਂ ਵਿਚ ਬੱਚਿਆਂ ਨੂੰ ਸਨਮਾਨਿਤ ਕਰਕੇ ਉਨ੍ਹਾਂ ਦੀ ਹੌਂਸਲਾ ਅਫ਼ਜਾਈ ਕੀਤੀ ਗਈ ਸੀ । ਪ੍ਰੋਗਰਾਮ ਅੰਦਰ ਬੱਚਿਆਂ ਵਲੋਂ ਕੀਤੇ ਗਏ ਕੀਰਤਨ ਅਤੇ ਕਵਿਤਾਵਾਂ ਨਾਲ ਸੰਗਤਾਂ ਦਾ ਮਨ ਮੋਹ ਲਿਆ ਸੀ। ਇਸ ਮੌਕੇ ਦਿੱਲੀ ਕਮੇਟੀ ਦੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਅਤੇ ਕਥਾਵਾਚਕ ਡਾਕਟਰ ਮਨਪ੍ਰੀਤ ਸਿੰਘ ਨੇ ਵੀ ਵਿਸ਼ੇਸ਼ ਤੌਰ ਹਾਜ਼ਿਰੀ ਭਰੀ ਸੀ ਤੇ ਪ੍ਰਬੰਧਕ ਕਮੇਟੀ ਵਲੋਂ ਉਨ੍ਹਾਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਸੀ । ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਵਿਚ ਭੁਪਿੰਦਰ ਸਿੰਘ ਬੱਗਾ, ਮੋਹਨ ਸਿੰਘ ਰਾਜਵੰਸ਼ੀ ਅਤੇ ਪ੍ਰਿਤਪਾਲ ਸਿੰਘ ਦੇ ਨਾਲ ਸਮੂਹ ਕਮੇਟੀ ਮੈਂਬਰਾਂ ਨੇ ਭਰਪੂਰ ਸਹਿਯੋਗ ਦਿੱਤਾ ਸੀ ਜਿਸ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ ।

ਆਵਾਜ਼ਿ ਕੌਮ AWAZE QAUM International Newspaper & WEB TV

# ਐਡਵੋਕੇਟ ਅਮਨਦੀਪ ਜੈਤੀਪੁਰ ਨੇ ਸਾਬਕਾ ਕੇਂਦਰੀ ਮੰਤਰੀ ਅੰਬਿਕਾ ਸੋਨੀ ਨਾਲ ਕੀਤੀ ਮੀਟਿੰਗ



**ਚੌਕ ਮਹਿਤਾ 1 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਹਲਕਾ ਬਟਾਲਾ ਤੋਂ ਕਾਂਗਰਸ ਪਾਰਟੀ ਦੀ ਟਿਕਟ ਦੇ ਦਾਵੇਦਾਰ ਐਡੋਕੇਟ ਅਮਨਦੀਪ ਕੁਮਾਰ ਜੰਤੀਪੁਰ ਵੱਲੋਂ ਕੇਂਦਰੀ ਮੰਤਰੀ ਸ੍ਰੀਮਤੀ ਅਬਕਾ ਸੋਨੀ ਨਾਲ ਉਹਨਾਂ ਦੇ ਗ੍ਰਹਿ ਦਿੱਲੀ ਵਿਖੇ ਮੁਲਾਕਾਤ ਕੀਤੀ ਗਈ ਅਤੇ ਹਲਕਾ ਬਟਾਲਾ ਨੂੰ ਲੈ ਕੇ ਵਿਚਾਰ ਚਰਚਾ ਕੀਤੀ ਗਈ ਇਸ ਮੌਕੇ ਗੱਲਬਾਤ ਕਰਦਿਆਂ ਐਡਵੋਕੇਟ ਜੈਤੀਪੁਰ ਨੇ ਕਿਹਾ ਕਿ ਸੂਬੇ ਵਿੱਚ ਕਾਂਗਰਸ ਪਾਰਟੀ ਦਿਨ ਪ੍ਰਤੀ ਦਿਨ ਮਜਬੂਤ ਹੋ ਰਹੀ ਹੈ ਕਾਂਗਰਸ ਪਾਰਟੀ ਵੱਲੋਂ ਕੀਤੀਆਂ ਜਾ ਰਹੀਆਂ ਸੰਵਿਧਾਨ ਬਚਾਓ ਰੈਲੀਆਂ ਲੋਕ ਵੱਡੀ ਗਿਣਤੀ ਵਿੱਚ ਪਹੁੰਚ ਕੇ 2017 ਚ ਬਦਲਾ ਲਿਆ ਰਹੇ ਹਨ ਉਹਨਾਂ ਕਿਹਾ ਕਿ ਕਾਂਗਰਸ ਪਾਰਟੀ 2017 ਵਿੱਚ ਸਰਕਾਰ ਬਣਾਵੇਗੀ ਅਤੇ ਫਿਰ ਪੰਜਾਬ ਨੂੰ ਵਿਕਾਸ ਦੀਆਂ ਲੀਹਾਂ ਤੇ ਲੈ ਕੇ ਆਵੇਗੀ ਉਹਨਾਂ ਕਿਹਾ ਕਿ ਪੰਜਾਬ ਚ ਆਪ ਦੀ ਸਰਕਾਰ ਡਾਵਾਂ ਡੋਲ ਹੁੰਦੀ ਨਜ਼ਰ ਆ ਰਹੀ ਹੈ ਅਤੇ ਲੋਕ ਸੂਬੇ ਚ ਕਾਂਗਰਸ ਪਾਰਟੀ ਦੀ ਸਰਕਾਰ ਨੂੰ ਉਡੀਕ ਰਹੇ ਹਨ ਤਾਂ ਜੋ ਫਿਰ ਤੋਂ ਪੰਜਾਬ ਨੂੰ ਤਰੱਕੀ ਦੀਆਂ ਲੀਹਾਂ ਤੇ ਲੈ ਕੇ ਆਵੇ ਅਤੇ ਨੌਜਵਾਨਾਂ ਨੂੰ ਰੁਜ਼ਗਾਰ ਵੱਧ ਤੋਂ ਵੱਧ ਮਿਲੇ ਉਹਨਾਂ ਕਿਹਾ ਕਿ ਕਾਂਗਰਸ ਸਰਕਾਰ ਆਉਣ ਤੇ ਸੂਬੇ ਵਿੱਚ ਖਾਲੀ ਪਈਆਂ ਸਾਮੀਆਂ ਅਤੇ ਪੰਜਾਬ ਪੁਲਿਸ ਦੀ ਘਾਟ ਰਹੀ ਨਫਰੀ ਨੂੰ ਵੇਖਦਿਆਂ ਹੋਇਆ ਵੱਡੀ ਪੱਧਰ ਤੇ ਨੌਜਵਾਨ ਲੜਕੇ ਲੜਕੀਆਂ ਦੀ ਭਰਤੀ ਕੀਤੀ ਜਾਵੇਗੀ

ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬੀ ਕਲਾਕਾਰਾਂ ਦੀ ਹੋਂਦ

# ਭਾਸ਼ਾ, ਫਰਜ਼ ਅਤੇ ਚਿੰਤਨ

**ਦਲਜੀਤ** ਦਾ ਜਨਮ 1984 ਦਾ ਹੋਣ ਕਰਕੇ ਆਪਣੇ ਵਿੱਚ ਪੰਜਾਬ ਨਾਲ ਹੋਈ ਬੇਇੰਨਸਾਫੀ ਦੀ ਚੀਸ ਲੈ ਕੇ ਕਿਤੇ ਨਾ ਕਿਤੇ ਆਪਣੀਆਂ ਭਾਵਨਾਵਾਂ ਨੂੰ ਪ੍ਰਗਟ ਕਰਨ ਵਿੱਚ ਡਰ, ਭਉ ਤੋ ਮੁਕਤ ਰਹਿ ਕੇ ਚਰਚਾ ਦਾ ਵਿਸ਼ਾ ਬਣਦਾ ਰਹਿੰਦਾ ਹੈ।



ਦਲਜੀਤ ਦੋਸਾਂਝ ਦੀ ਫਿਲਮ ਸਰਦਾਰ ਜੀ 3 ਦਾ ਭਾਰਤੀ ਮੀਡੀਏ ਸਮੇਤ ਭਾਰਤ ਵਿੱਚ 2014 ਦੇ ਬਾਆਦ ਵਾਲੇ ਰਾਸ਼ਟਰਵਾਦੀਆਂ ਵੱਲੋ ਵਾਦ-ਵਿਵਾਦ ਬਣਾਇਆ ਗਿਆ। ਵਿਰੋਧ ਕੇਵਲ ਪਾਕਿਸਤਾਨੀ ਐਕਟਰਸ ਨਾਲ ਫਿਲਮ ਕਰਨਾ ਕੇਂਦਰ ਬਿੰਦੂ ਲੱਗਦਾ ਹੈ।ਪਰ ਇਸ ਪਿਛੇ ਦਿੱਖ, ਅਦਿਖ ਨਫਰਤ ਹੈ ਜੋ ਪੱਗ ਦੇ ਵਿਰੋਧ ਵਿੱਚ ਖੜੀ ਦਿਸਦੀ ਹੈ। ਪੰਜ ਸਦੀਆ ਦੇ ਵੈਰ ਹੁਣ ਛੇਵੀ ਸਦੀ ਵਿੱਚ ਪਹੁੰਚਣ ਵਾਲਾ ਹੈ। ਦਲਜੀਤ ਭਾਵੇ ਕਿ ਇਕ ਗਾਇਕ ਦੇ ਤੌਰ ਤੇ ਉਭਰਿਆ ਹੈ ਪਰ ਕਲਾ ਰਾਹੀ ਇਕ ਬਹੁਤ ਵੱਡੀ ਮਿਸਾਲੀ ਉਦਾਹਰਣ ਪੇਸ਼ ਕਰਨ ਵਿੱਚ ਕਾਮਯਾਬ ਹੋਇਆ ਹੈ ਕਿਵੇ ਇਕ ਪੱਗ ਬੰਨ ਕੇ ਦੁਨਿਆਂ ਦੇ ਵੱਡੇ ਮੰਚਾਂ ਤੇ ਕਲਾ ਰਾਹੀ ਪੰਜਾਬੀ ਭਾਸ਼ਾ ਨੂੰ ਸਨਮਾਨ ਦੇਣ ਦੇ ਨੋਬਲੀ ਕੰਮ ਕੀਤੇ ਜਾ ਸਕਦੇ ਹਨ। ਕਈ ਅਣਕਿਆਸੇ, ਅਣਛੋਹੇ ਵਿਸ਼ਿਆਂ ਤੇ ਫਿਲਮਾਂ ਬਣਾ ਕੇ ਸਿੱਖਾਂ ਅਤੇ ਪੰਜਾਬ ਨਾਲ ਹੋਏ ਧੱਕੇ, ਅਨਿਆ, ਬੇਇੰਨਸਾਫੀਆਂ ਦਾ ਦੁਨਿਆਂ ਸਾਹਮਣੇ ਉਗੜਵਾਂ ਰੂਪ ਪੇਸ਼ ਕੀਤਾ ਹੈ।

" ਸਰਦਾਰ ਜੀ 3 " ਫਿਲਮ ਆਮ ਫਿਲਮਾਂ ਵਰਗੀ ਹੀ ਹੋਵੇਗੀ। ਜਿਸ ਦੇ ਹੱਕ ਜਾਂ ਵਿਰੋਧ ਦਾ ਕੋਈ ਕਾਰਨ ਬਣਦਾ ਹੋਵੇ।ਪਰ ਕਿਉ ਕਿ ਦਲਜੀਤ ਨੇ ਜੋ ਕੁਝ ਗਾਣਿਆ ਅਤੇ ਫਿਲਮਾਂ ਰਾਹੀ ਪੰਜਾਬ ਤੇ ਵਾਪਰੀਆਂ ਕਹਿਰ ਕਹਾਣੀਆਂ ਦੀ ਸਹੀ ਪੇਸ਼ਕਾਰੀ ਨੂੰ ਵੱਡਾ ਪਲੇਟਫਾਰਮ ਦਿੱਤਾ ਹੈ। ਦਲਜੀਤ ਨੇ ਆਪਣੇ ਕੰਮ ਕਰਨ ਅਤੇ ਆਪਣੀ ਪੱਗ ਵਾਲੀ ਦਿੱਖ ਨੂੰ ਵੱਖਰੀ ਪਹਿਚਾਣ ਦੇਣ ਵਿੱਚ ਦੁਨਿਆਂ ਨੂੰ ਸਤਿਕਾਰੀ ਜੁਬਾਨ ਦਿੱਤੀ ਹੈ। ਉਸ ਦਾ ਪੰਜਾਬੀ ਅਤੇ ਹਿੰਦੀ ਫਿਲਮਾਂ ਵਿੱਚ ਪੱਗਾਂ ਬੰਨ ਕੇ ਕਲਾਕਾਰੀ ਕਰਨ ਦੀ ਨਵੀ ਪਿਰਤ ਨੂੰ ਪੱਗ ਪ੍ਰੀ ਆਦਰ ਮਿਲਿਆ ਹੈ। ਅਭਿਨੇ ਕਰਨ ਵਿੱਚ ਆਪਣਾ ਲੋਹਾ ਮਨਵਾਇਆ ਹੈ। ਇਸ ਨਾਲ ਗਲਤ ਢੰਗ ਨਾਲ ਸਿੱਖ ਕਿਰਦਾਰਾਂ ਦੀ ਪੇਸ਼ਕਾਰੀ ਕਰਨ ਨੂੰ ਵੀ ਠੱਲ ਪਈ ਹੈ।

ਦਲਜੀਤ ਨੇ ਗਾਇਕੀ ਅਤੇ ਕਲਾ ਦੇ ਖੇਤਰ ਵਿੱਚ ਵੱਡੀ ਮੱਲ ਮਾਰੀ ਹੈ। ਇਸ ਦੇ Dil-Luminati Tour ਨੇ ਦੁਨਿਆਂ ਵਿੱਚ ਪੰਜਾਬੀ ਸੰਗੀਤ ਦੀ ਨਵੀ ਪਹਿਲ ਨੂੰ ਨਵੀ ਦਿਸ਼ਾ ਦਿੱਤੀ ਹੈ। ਅਤੇ ਅਸਲ ਹੋਂਦ ਨੂੰ ਵੀ ਪੈਰਾ ਸਿਰ ਕੀਤਾ ਹੈ। ਪਹਿਚਾਣ ਨੂੰ ਸਹੀ ਦਿਸ਼ਾ ਮਿਲੀ ਹੈ। ਪੰਜਾਬੀ ਦੀ ਪਹੁੰਚ ਨੂੰ ਪਿੰਡਾਂ ਦੀਆਂ ਪਗਡੰਡੀਆਂ ਤੋ ਦੁਨਿਆਂ ਦੇ ਵੱਡੇ ਮਾਰਗਾਂ ਤੇ ਲੈ ਆਂਦਾ ਹੈ। ਜਿਸ ਦੀ ਰਫਤਾਰ ਮਾਪਣ ਲਈ ਦੂਜੀਆਂ ਭਾਰਤੀ ਜੁਬਾਨਾਂ ਨੂੰ ਖਾਸ ਕਰਕੇ ਲੰਮੀ ਲਕੀਰ ਖਿਚਣੀ ਪਵੇਗੀ। ਕਿਸੇ ਭਾਸ਼ਾ ਦਾ ਘੇਰਾ ਉਸ ਦੀਆਂ ਅਸੀਮ ਜਿਉਣ ਸ਼ਕਤੀ ਨਾਲ ਵੱਡਾ ਪਿੜ ਮੱਲਣਾ ਹੈ।ਜੋ ਪੰਜਾਬੀ, ਗੁਰਮੁੱਖੀ ਵਿੱਚ ਪਿਆ ਹੈ।ਪੰਜਾਬੀ ਗੁਰੂ-ਵੱਡੀਆਈ ਦੀ ਛੋਹ ਵਿੱਚੋ ਆਈ ਹੋਈ ਹੈ। ਉਸ ਦੇ ਰੋਕੇ ਜਾਦੇ ਰਾਹਾਂ ਨੂੰ ਵਿਦਵਤਾ ਦੇ ਅੱਥਰੇ ਹੜਾਂ ਦੀਆਂ ਛੱਲਾਂ ਨੇ ਸਰਹੱਦਾਂ ਨੂੰ ਪਾਰ ਕਰਨਾਂ ਹੀ ਹੈ। ਜੇ ਸਿੱਖ ਧਰਮ ਸਰਬੱਤ ਦੀ ਖੈਰ ਮੰਗਦਾ ਹੈ ਤਾਂ ਪੰਜਾਬੀ ਜੁਬਾਨ ਅਤੇ ਭਾਸ਼ਾ ਦਾ ਪਸਾਰਾ ਵੀ ਬਿਨਾਂ ਸਰਹੱਦੀ ਹੈ।

ਦਲਜੀਤ ਵੱਲੋ ਐਪਰੇਲ ਮਹੀਨੇ ਅਮਰੀਕਾ ਦੇ ਲਾਸ ਏਂਜਲਸ ਵਿੱਚ ਲੱਗਦੇ ਸੰਸਾਰ ਪੱਧਰੀ ਸੰਗੀਤ ਮੇਲੇ " ਕੋਚੀਲਾ " ਵਿੱਚ ਸ਼ਮੂਲੀਆਤ ਕਰਕੇ ਵੱਡੀ ਪੁਲਾਂਘ ਪੁੱਟੀ ਸੀ। ਪਹਿਲੇ ਪੰਜਾਬ ਗਾਇਕ ਨੂੰ ਐਨੀ ਵੱਡੀ ਸਟੇਜ਼ ਮਿਲੀ ਸੀ। 2020 ਵਿੱਚ Billboard ਮੈਗਜ਼ੀਨ ਵਿੱਚ ਆਪਣੀ ਥਾਂ ਬਣਾਉਣ ਵਿੱਚ ਕਾਮਯਾਬ ਹੋਇਆ ਸੀ।

ਦਲਜੀਤ ਨੇ ਮੈਟ ਗੈਲਾ ਵਿੱਚ ਰੇਪ ਵਾਕ ਵੇਲੇ ਪੱਗ, ਸ਼੍ਰੀ ਸਾਹਿਬ, ਪੰਜਾਬ ਦਾ ਨਕਸ਼ਾ, ਪੈਂਤੀ ਅੱਖਰੀ ਪੰਜਾਬੀ ਅਤੇ ਸਿੱਖ ਸ਼ਾਹੀ ਪਹਿਰਾਵੇ ਨੂੰ ਦੁਨਿਆਂ ਵਿੱਚ ਵੱਡੀ ਪਹਿਚਾਣ ਦਿੱਤੀ ਹੈ।ਉਹ ਦੱਸਦਾ ਭਾਵਕ ਹੋ ਜਾਦਾ ਹੈ, ਕਿ " ਮੈਨੂੰ ਆਪਣੀ ਪਹਿਚਾਣ ਨਾਲੋ ਆਪਣੇ ਵਿਰਸੇ ਦੀ ਪਹਿਚਾਣ ਕਰਨ ਦਾ ਵਾਹਿਗੁਰੂ ਨੇ ਮੌਕਾ ਦਿੱਤਾ ਹੈ । .... ਉਥੇ ਮੈ ਨਹੀ ਜਾ ਰਿਹਾ ,...ਪੱਗ ਜਾ ਰਹੀ ਹੈ "।

ਸਿੱਧੂ ਮੂਸੇਵਾਲੇ ਦੀ ਦੁਨਿਆ ਵਿੱਚ ਰੈਪ ਸੰਗੀਤ ਵਿੱਚ ਪਾਈ ਲੀਹ ਨੂੰ ਦਲਜੀਤ ਦੋਸਾਂਝ ਨੱਪਣ ਵਿੱਚ ਕਾਮਯਾਬ ਹੋਇਆ ਹੈ। ਮੂਸੇਵਾਲੇ ਦੀ ਮੌਤ ਤੋ ਬਾਆਦ ਸੰਸਾਰ ਭਰ ਵਿੱਚ ਪੰਜਾਬੀ ਦੀ ਅਸਲ ਪਹਿਚਾਣ ਮਿਲਣ ਦੀ ਪੈੜ ਬੱਝੀ ਸੀ। ਪੰਜਾਬ ਦੇ ਇਕ ਛੋਟੇ ਖਿੱਤੇ ਪੰਜਾਬ ਵਿੱਚੋ ਉਠ ਕੇ ਦੁਨਿਆਂ ਦੇ ਪਹਿਲੀ ਕਤਾਰ ਦੇ ਗਾਇਕਾ ਵਿੱਚ ਖੜੇ ਹੋਣਾ ਇਹਨਾਂ ਦੋਵਾਂ ਗਾਇਕਾ ਦੇ ਹਿਸੇ ਹੀ ਆਇਆ ਹੈ। ਇਸ ਤਰਜ਼ ਤੇ ਚਲਣ ਵਾਲੇ ਗਾਇਕਾ, ਕਲਾਕਾਰਾ ਲਈ ਵੀ ਭਵਿੱਖ ਸੁਨਿਹਰੀ ਹੋ ਸਕਦਾ ਹੈ।

ਦਲਜੀਤ ਦੇ ਹੌਸਲੇ ਅਤੇ ਦ੍ਰਿੜਤਾ ਨੂੰ ਸਲਾਮ ਹੋ ਰਹੀ ਹੈ। ਕਈ ਪੰਜਾਬੀ ਕਲਾਕਾਰਾਂ ਨੇ ਉਸ ਦਾ ਇਰਖਾ ਵੱਸ ਵਿਰੋਧ ਕੀਤਾ ਹੈ ਜੋ ਵਾਜ਼ਬ ਨਹੀ ਸੀ। ਅਜਿਹੇ ਲੋਕਾਂ ਦਾ ਰਾਸ਼ਟਰਵਾਦ ਵੀ ਇਕ ਡਰ ਭਉ ਵਿੱਚੋ ਨਿਕਲ ਰਿਹਾ ਸੀ। ਅਜਿਹਾਂ ਬੇਲੋੜਾ ਵਿਰੋਧ ਸ਼ਾਇਦ ਇਹਨਾਂ ਲਈ ਚੰਗੀ ਰਾਏ ਨਾ ਪੈਦਾ ਕਰ ਸਕੇ। .... ਜਿਵੇ ਪੰਜਾਬੀ ਪ੍ਰੀ ਦਿਤੇ ਪ੍ਰੀਕਰਮ ਦਾ ਗੁਰਦਾਸ ਮਾਨ ਨੂੰ ਮਾੜੇ ਸਮੇ ਵਿੱਚੋ ਨਿਕਲਣਾ ਪੈ ਰਿਹਾ ਹੈ। ਭਵਿੱਖ ਤਬਾਹ ਹੋ ਗਿਆ ਹੈ। ਉਸ ਦੁਆਰਾ ਗਾਏ ਗੀਤ... " ਲੱਖ ਪਰਦੇਸੀ ਹੋਏ ਆਪਣਾ ਦੇਸ਼ ਨਹੀਂ ਭੰਡੀ ਦਾ, ਜਿਹੜੇ ਮੁਲਕ ਦਾ ਖਾਈਏ ਉਹਦਾ ਬੁਰਾ ਨਹੀਂ ਮੰਗੀਦਾ " ...ਪਰ ਉਸ ਜੁਬਾਨ, ਭਾਸ਼ਾ ਬਾਰੇ ਵੀ ਮੰਦਾ ਨਹੀ ਬੋਲਣਾ ਚਾਹਿਦਾ, ਜੋ ਤੁਹਾਡੇ ਮਾਂ ਦੀ ਹੋਵੇ ਅਤੇ ਜਿਸ ਨੇ ਤੁਹਾਡੀ ਸ਼ਖਸੀਅਤ ਨੂੰ ਬਣਾਇਆ ਹੋਵੇ। ਸਾਨੂੰ ਸਰਹੱਦਾ ਰਹਿਤ ਜੁਬਾਨ ਨੂੰ ਸਾਂਝਾਂ ਵਧਾਉਣ ਲਈ ਯਤਨਸ਼ੀਲ ਰਹਿਣਾ ਚਾਹਿਦਾ ਹੈ।ਨਾ ਕਿ ਪੈਸੇ ਕਮਾਉਣ ਦਾ ਕੇਵਲ ਇਕ ਜਰੀਆ ਮੰਨਣਾ ਚਾਹਿਦਾ ਹੈ। ਲੋਕ ਕਲਾਕਾਰਾਂ ਨੂੰ ਵੀ ਲੋਕ ਹੱਕਾਂ ਲਈ ਖੜੇ ਹੋਣਾ, ਰਾਏ ਦੇਣਾ ਅਤੇ ਜਿੰਮੇਵਾਰ ਹੋਣ ਦੀ ਸ਼ਾਹਦੀ ਮੰਗਦੇ ਹਨ। ਜਿਵੇ ਦਿੱਲੀ ਕਿਸਾਨ ਮੋਰਚੇ ਵੇਲੇ ਗਾਇਕ ਕੰਵਰ ਗਰੇਵਾਲ, ਹਰਭਜਨ ਮਾਨ, ਹਰਫ ਚੀਮਾ, ਪੰਮੀ ਬਾਈ, ਅਦਾਕਾਰਾ ਨਿਰਮਲ ਰਿਸ਼ੀ, ਸੀਮਾ ਕੌਸਲ, ਸੁਨੀਤਾ ਧੀਰ, ਰੁਪਿੰਦਰ ਰੂਪੀ, ਗੁਰਪ੍ਰੀਤ ਕੌਰ ਭੰਗੂ, ਸਰਦਾਰ ਸੋਹੀ, ਬਿੰਨੂ ਢਿੱਲੋਂ , ਕਰਮਜੀਤ ਅਨਮੋਲ , ਗੁਰਪ੍ਰੀਤ ਘੁੱਗੀ ,ਮਲਕੀਤ ਰੌਣੀ , ਯੋਗਰਾਜ ਸਣੇ ਬਹੁਤ ਕਲਾਕਾਰਾਂ ਨੇ ਸ਼ਾਮਲ ਹੋ ਕੇ ਹੱਕੀ ਮੰਗਾਂ ਦੀ ਪ੍ਰੋੜਤਾ ਕੀਤੀ ਸੀ।

ਗਾਇਕ ਦਲਜੀਤ ਪੰਜਾਬੀ ਭਾਸ਼ਾ ਦੀ ਹੋਂਦ ਨੂੰ ਲੰਮਾ ਕਰਦਿਆਂ ਹੋਰ ਲੰਮੀ ਉਮਰ ਦੇਣ ਵਿੱਚ ਕਾਮਯਾਬ ਹੋਇਆ ਹੈ। ਵੱਡੇ ਮੰਚਾਂ ਨੂੰ ਸੁਚੱਜਤਾ ਨਾਲ ਵਰਤਿਆ ਹੈ। ਭਾਰਤ ਵਿੱਚ ਫਿਲਮ ਦੇ ਬਾਈਕਾਟ ਦੇ ਪ੍ਰਪੋਗੰਡੇ ਦਾ ਜਿਸ ਦਲੇਰੀ ਨਾਲ ਦਲਜੀਤ ਨੇ ਜੁਆਬ ਦਿੱਤਾ ਹੈ ਉਹ ਕਿਸੇ ਪੰਜਾਬੀ ਦੀ ਆਪਣੇ ਗੁਰੂ ਸਿਧਾਤੀ ਫਲਸਫੇ ਨਿਆਈ ਹੈ।

**" ਜੁਅਰਤ ਜਮਾਲ ਹੈ ਮਮ ਜੁਰਤ ਨਾਹਿਨ ਏਤਨੀ "**

ਦਲਜੀਤ ਆਪਣੀ ਨਿਰਭਉ ਦੀ ਬਿਰਤੀ ਵਿੱਚੋ " ਪੰਜਾਬ 84 " ਅਤੇ ਜਸਵੰਤ ਸਿੰਘ ਖਾਲੜਾ ਤੇ " ਪੰਜਾਬ 95 " ਫਿਲਮਾਂ ਬਣਾਕੇ ਵੱਡੀ ਜੁਅਰਤੀ ਕੰਮ ਕੀਤੇ ਹਨ। " ਸੱਜਣ ਸਿੰਘ ਰੰਗਰੂਟ " ਪਹਿਲੀ ਸੰਸਾਰ ਜੰਗ ਤੇ ਇਤ੍ਹਾਸਕ ਫਿਲਮ ਵਿੱਚ ਸਿੱਖਾਂ ਦੇ ਯੋਗਦਾਨ ਦੀ ਆਉਣ ਵਾਲੇ ਸਮੇ ਵਿੱਚ ਇਕ ਮਿਆਰੀ ਫਿਲਮ ਹੈ। ਸਿੱਖਾਂ ਦੇ ਕਿਰਦਾਰ ਦੀ ਅਹਿਮੀਆਤ ਨੂੰ ਨਿਖਾਰਿਆ ਹੈ। ਸਿੱਖਾਂ ਉਪਰ ਮਜ਼ਾਕ, ਭੱਦੇ ਡਾਇਲਾਗ, ਟੋਪੀਨੁਮਾਂ ਪੱਗਾਂ ਵਾਲੇ ਕ੍ਰਿਦਾਰਾਂ ਨੂੰ ਪੇਸ਼ ਕਰਨ ਵਾਲਿਆਂ ਦੀ ਜੁਬਾਨ ਬੰਦ ਕੀਤੀ ਹੈ। ਉਸ ਨੇ ਪੇਸ਼ ਕੀਤਾ ਹੈ ਕਿ ਮਾਡਰਨ ਸਮਾਜ਼ ਵਿੱਚ ਪੱਗ ਨਾਲ ਵਿਚਰਨ ਲਈ ਲਿਬਾਸਾਂ ਦੀ ਚੋਣ ਕਿਵੇ ਕੀਤੀ ਜਾ ਸਕਦੀ ਹੈ ਜੋ ਸਹਿਜ਼ ਅਤੇ ਨਵਾਬੀ ਲੱਗੇ। ਜੋ ਸਮਾਂ ਅਤੇ ਸੰਗਤ ਅਨੁਕੂਲ ਲੋਕਾਂ ਵਿੱਚ ਬੈਠਣ ਵਿੱਚ ਸਭਿਆਕ ਲੱਗੇ ਅਤੇ ਸਮੇ ਨਾਲ ਅੱਗੇ ਵਧੇ।

ਦਿੱਲੀ ਕਿਸਾਨ ਮੋਰਚੇ ਵਿੱਚ ਇਕ ਕਰੋੜ ਦਾ ਦਾਨ ਦੇ ਕੇ ਮੋਰਚੇ ਨੂੰ ਕਾਮਯਾਬ ਕਰਨ ਵਿੱਚ ਹਿਸਾ ਪਾਇਆ। ਭਾਈ ਗੁਰਬਖਸ਼ ਸਿੰਘ ਵੱਲੋ ਬੰਦੀ ਸਿੱਖ ਕੈਦੀਆਂ ਦੀ ਰਿਹਾਈ ਲਈ ਲਾਏ ਧਰਨੇ ਵਿੱਚ ਵੀ ਪਹੁੰਚ ਕੇ ਆਪਣੀ ਇਮਦਾਦ ਅਤੇ ਸਪੋਰਟ ਦਿੱਤੀ ਸੀ। ਅੱਜ ਦਲਜੀਤ ਦੇ ਨਾਂ ਨੂੰ ਕਨੈਡਾ ਦੇ ਵਿੱਚ ਇਕ ਸਬਜੈਕਟ ਤੇ ਤੌਰ ਤੇ ਪੜਾਇਆ ਜਾਣਾ ਸੁਰੂ ਹੋਇਆ ਹੈ। ਪੰਜਾਬੀ ਭਾਸ਼ਾ, ਉਸ ਦੇ ਪਿਛੋਕੜ, ਕੰਮ ਕਰਨ ਦੀ ਵਿਦਦਤਾ, ਸਮਰਪਣ, ਵੱਡੀ ਕਾਮਯਾਬੀ ਦੀ ਪੁਲਾਘ ਆਦਿ ਉਸ ਦੇ ਜੀਵਨ ਤੇ ਕੇਂਦਰ ਵਿਸ਼ਾ ਹੋਵੇਗਾ। ਸੋ ਇਹ ਦਲਜੀਤ ਦਾ ਆਪਣੇ ਆਪ ਵਿੱਚ ਪੰਜਾਬ ਨਾਲ ਜੁੜੇ ਹੋਣ ਦੇ ਕਾਰਜ ਕਾਰਨ ਹੈ।

ਪੰਜਾਬੀ ਭਾਸ਼ਾ ਵੀ ਕਿਤੇ ਨਾ ਕਿਤੇ ਵਰਤਮਾਨ ਭਾਰਤੀ ਹਕੂਮਤੀ ਦੇ ਨਵੇ ਰਾਸ਼ਟਰਵਾਦ ਨੂੰ ਰਾਸ ਨਹੀ ਆ ਰਹੀ। ਗੈਰ ਹਿੰਦੂ ਧਰਮਾਂ ਦੇ ਲੋਕਾਂ ਦੀਆਂ ਫਿਲਮਾਂ, ਗਾਣੇਆਂ ਤੇ ਪਾਬੰਦੀਆਂ ਲਾਈਆ ਜਾ ਰਹੀਆਂ ਹਨ। ਇਥੋ ਤੱਕ ਕਿ ਕੰਮ ਧੰਦਿਆਂ ਤੇ ਵੀ ਜਾਤੀ ਨਾ ਲਿਖਣ ਦੇ ਫੁਰਮਾਨ ਜਾਰੀ ਕਰਨ ਵਰਗੀ ਨਫਰਤ ਪੈਦਾ ਕੀਤੀ ਜਾ ਰਹੀ ਹੈ।

ਅੱਜ ਦੇ ਪ੍ਰਾਪੋਗੰਡੇ ਦਾ ਦਲਜੀਤ ਦੀ ਕਲਾ ਅਤੇ ਸੰਗੀਤ ਵਿੱਚ ਪੰਜਾਬੀ ਦੇ ਉਭਾਰ ਅਤੇ ਸਿੱਖ ਕਿਰਦਾਰ ਦੀ ਦਿੱਖ ਨੂੰ ਹਿੰਦੂਤਵੀਆਂ ਵੱਲੋ ਬਰਦਾਸ਼ਤ ਕਰਨਾ ਔਖਾ ਹੋਇਆ ਪਿਆ ਹੈ। ਦਲਜੀਤ ਵਰਗਾ ਇਕ ਸਧਾਰਨ ਵਿਆਕਤੀ ਆਪਣੀ ਕਲਾ ਰਾਹੀ ਦੁਨਿਆਂ ਵਿੱਚ ਪੱਗ ਨਾਲ ਇਕ ਵੱਡੀ ਪਹਿਚਾਣ ਬਣਾ ਸਕਿਆ ਹੈ। ਆਪਣੇ ਪ੍ਰੋਗਰਾਮਾਂ ਵਿੱਚ " ਪੰਜਾਬੀ ਆ ਗਏ ਓਏ " ਦਾ ਨਾਹਰਾ ਪੰਜਾਬੀਆਂ ਨੇ ਤਾਂ ਭਾਵੇ ਇਸ ਨੂੰ ਹਲਕੇ ਵਿੱਚ ਲਿਆ ਹੋਵੇ ਪਰ ਵਿਰੋਧੀਆਂ ਲਈ ਇਹ ਸਿਧਾ ਚੈਲਿੰਜ਼ ਬਣ ਗਿਆ ਹੈ। ਜੋ ਪੰਜਾਬੀ ਜੁਬਾਂਨ ਨੂੰ ਫਨਾਂ ਕਰਨ ਦੇ ਮਨਸੂਬੇ ਅੰਜਾਮ ਤੱਕ ਲੈ ਕੇ ਜਾਣ ਲਈ ਪੱਬਾ ਭਾਰ ਹੋਣ, ਉਸ ਨੂੰ ਕਿਵੇ ਬਰਦਾਸ਼ਤ ਕੀਤਾ ਸਕਦਾ ਹੈ ਕਿ ਭਾਰਤ ਦੇ ਇਕ ਛੋਟੇ ਖਿੱਤੇ ਵਿੱਚੋ ਆਈ ਪੰਜਾਬੀ ਭਾਸ਼ਾ ਭਾਰਤ ਦੀਆਂ ਦੂਜ਼ੀਆਂ ਭਾਸ਼ਾਵਾਂ ਦੀ ਅਗਵਾਈ ਕਰਦੀ ਨਜ਼ਰ ਪਵੇ ਜਾਂ ਵੱਡੀ ਹੁੰਦੀ ਦਿਸੇ। ਇਹ ਵਿਰੋਧੀਆਂ ਦੀ ਪੱਗ ਪ੍ਰੀ ਨਫਰਤ ਹੈ। ਜੋ ਦੁਨਿਆਂ ਵਿੱਚ ਵੱਧਦੇ ਪ੍ਰਭਾਵ ਨੂੰ ਸਹਿਣ ਨਹੀ ਕਰ ਪਾ ਰਿਹਾ। ਪੱਗਾਂ ਵਾਲੇ ਸਰਦਾਰ ਦੁਨਿਆਂ ਦਾ ਮੂੰਹ ਮੁਹਾਂਦਰਾਂ ਬਣਦੇ ਜਾ ਰਹੇ ਹਨ। ਦੁਨਿਆਂ ਦੀਆਂ ਵੱਡੀਆ ਥਾਵਾਂ ਤੇ ਪੱਗ ਨਜ਼ਰ ਆਉਣੀ ਸ਼ੁਰੂ ਹੋਈ ਹੈ। ਅਮਰੀਕਾ ਜਿਹੇ ਮੁਲਕ ਨੇ ਸਰਕਾਰੀ ਤੌਰ ਤੇ 09/11 ਦੇ ਹਮਲਿਆਂ ਤੋ ਬਆਦ ਸਿੱਖਾਂ ਦੀ ਪਹਿਚਾਣ ਨੂੰ ਪ੍ਰਮੁੱਖਤਾ ਨਾਲ ਉਭਾਰਿਆ ਹੈ। ਅਤੇ ਕਨੈਡਾ ਵਰਗੇ ਦੇਸਾਂ ਨੇ ਸਿੱਖਾਂ ਨੂੰ ਰਾਜਨੀਤੀ ਵਿੱਚ ਵੱਡੇ ਪਲੇਟਫਾਰਮ ਦੇ ਕੇ ਦੇਸ਼ ਭਗਤੀ, ਇਮਾਨਦਾਰੀ, ਦਰਿੜਤਾ, ਸਮਰਪਿੱਤ ਭਾਵਨਾ ਦੀ ਕਦਰ ਕੀਤੀ ਹੈ। ਜਿਥੇ ਕਲਾ ਹੈ ਉਥੇ ਕਾਰੀਆਂ ਵੀ ਹਨ ਆਉਣ ਵਾਲੇ ਸਮੇ ਬਾਰੇ ਦਲਜੀਤ ਦੇ ਕੰਮਾਂ ਦੇ ਕੀ ਅਰਥ ਹੋਣਗੇ। ਸਮਾਂ ਦੱਸੇਗਾ ਪਰ ਵਕਤੀ ਤੌਰ ਹੁਣ ਤੱਕ ਦੇ ਸਫਰ ਵਿੱਚ ਆਪਣਾ ਅਤੇ ਪੰਜਾਬ ਦਾ ਨਾ ਰੋਸ਼ਨ ਕੀਤਾ ਹੈ। ਪੰਜਾਬ ਅਤੇ ਸਿੱਖਾਂ ਦੇ ਮਾਣ ਸਨਮਾਨ ਦੀ ਥਾਂ ਬਣਦਾ ਜਾ ਰਿਹਾ ਹੈ। ਉਸ ਕੋਲੋ ਹੋਰ ਚੰਗੇ ਦੀ ਆਸ ਰੱਖਦੇ ਹਾਂ। ਇਹ ਵੀ ਪੰਜਾਬੀਆਂ ਦਾ ਉਸ ਨੂੰ ਬਣਦਾ ਸਤਿਕਾਰ ਦੇਣਾ ਹੀ ਉਸ ਲਈ ਪ੍ਰੇਨਾ ਸਰੋਤ ਹੈ।



ਫਿਲਹਾਲ ਫਿਲਮ " ਸਰਦਾਰ ਜੀ 3 " ਨੂੰ ਭਾਰਤ ਵਿੱਚ ਰਲੀਜ਼ ਕਰਨ ਦਿੱਤਾ ਗਿਆ ਹੈ। ਪਰ ਇਸ ਸਾਰੇ ਘਟਨਾ ਕ੍ਰਮ ਨਾਲ ਭਾਰਤ ਦੇ ਲੋਕਤੰਤਰ ਦੀ ਘੱਟ ਗਿਣਤੀ ਲੋਕਾਂ ਅਤੇ ਭਾਸ਼ਾਵਾਂ ਪ੍ਰੀ ਮਾੜੇ ਨਜ਼ਰੀਏ ਨੂੰ ਉਜ਼ਾਗਰ ਕੀਤਾ ਹੈ।

ਸਮਾਂ ਚਿੰਤਨ ਕਰਨ ਦਾ ਹੈ ਉਹ ਸਰਬ ਪੱਖੀ ਹਾਲਾਤਾਂ ਤੇ ਵੱਡੀ ਜਿੰਮੇਵਾਰੀ ਮੰਗਦਾ ਹੈ। ਸੰਸਾਰ ਵਿੱਚ ਹਰ ਚੰਗੇ ਪੱਖਾਂ ਦੀ ਧਿਰ ਬਣਕੇ ਚੰਗੇ ਸਮਾਜ ਦੀ ਉਸਾਰੀ ਕਰੀਏ।

**-ਸ. ਦਲਵਿੰਦਰ ਸਿੰਘ ਘੁੰਮਣ**

## ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸੌ ਸਾਲਾਂ ਸ਼ਹੀਦੀ ਸ਼ਤਾਬਦੀ ਤੇ ਸਹੀਦ ਬਾਬਾ ਜੀਵਨ ਸਿੰਘ ਜੀ ਦੀ ਯਾਦ ਨੂੰ ਸਮਰਪਿਤ ਸਲਾਨਾ ਜੋੜ ਮੇਲਾ 6 ਜੁਲਾਈ ਨੂੰ ਮਨਾਇਆ ਜਾਵੇਗਾ-ਜਥੇਦਾਰ ਬਲਦੇਵ ਸਿੰਘ ਵੱਲਾ

**ਜੰਡਿਆਲਾ ਗੁਰੂ, 1 ਜੁਲਾਈ ( ਕੁਲਵੰਤ ਸਿੰਘ ਵਿਰਦੀ)**-ਹਰ ਸਾਲ ਦੀ ਤਰ੍ਹਾਂ ਇਸ ਵਾਰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸੌਂ ਸਾਲਾਂ ਸ਼ਹੀਦੀ ਸ਼ਤਾਬਦੀ ਤੇ ਸਹੀਦ ਬਾਬਾ ਜੀਵਨ ਸਿੰਘ ਜੀ (ਭਾਈ ਜੈਤਾ ਜੀ) ਦੀ ਯਾਦ ਨੂੰ ਸਮਰਪਿਤ ਜੋੜ ਮੇਲਾ ਗੁਰਮਤਿ ਸਮਾਗਮ 6 ਜੁਲਾਈ ਦਿਨ ਐਤਵਾਰ ਨੂੰ ਗੁਰਦੁਆਰਾ ਟਿੱਬਾ ਸਾਹਿਬ ਪਾਤਸ਼ਾਹੀ ਨੌਵੀਂ ਮਹਿਤਾ ਰੋਡ ਵੱਲਾ ਅੰਮ੍ਰਿਤਸਰ ਵਿਖੇ ਬਹੁਤ ਹੀ ਸ਼ਰਧਾ ਭਾਵਨਾਵਾਂ ਤੇ ਉਤਸ਼ਾਹ ਨਾਲ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ, ਸ਼ਹੀਦ ਬਾਬਾ ਜੀਵਨ ਸਿੰਘ ਤਰਨਦਲ ਦੇ ਮੁੱਖੀ ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ ਦੀ ਦੇਖ ਰੇਖ ਦੇ ਨਾਲ ਨਾਲ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ, ਅਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ, ਧਾਰਮਿਕ ਦੀਵਾਨ ਸਜਾਏ ਜਾਣਗੇ, ਧਾਰਮਿਕ ਬੁਲਾਰਿਆਂ ਤੇ ਸੰਤਾਂ ਮਹਾਪੁਰਸ਼ਾਂ ਸਮੇਤ ਹੋਰ ਕਈ ਸ਼ਖ਼ਸੀਅਤਾਂ ਦਾ ਸਨਮਾਨ ਕੀਤਾ ਜਾਵੇਗਾ, ਸ਼ਾਮ ਨੂੰ ਅਕਾਲ ਪੁਰਖ ਦੀਆਂ ਲਾਡਲੀਆਂ ਨਿਹੰਗ ਸਿੰਘ ਫ਼ੌਜਾਂ ਵੱਲੋਂ ਸ਼ਾਨਦਾਰ ਮੁਹੱਲਾ ਦਾ ਪ੍ਰਦਰਸ਼ਨ ਕੀਤਾ ਜਾਵੇਗਾ, ਗੁਰੂ ਕੇ ਲੰਗਰ ਦੇਗਾਂ ਸਰਦਾਈਆ ਅਤੁੱਟ ਵਰਤਾਏ ਜਾਣਗੇ, ਇਸ ਮੌਕੇ ਤੇ ਵੱਡੀ ਗਿਣਤੀ ਵਿੱਚ ਧਾਰਮਿਕ ਸਿਆਸੀ ਸਮਾਜਿਕ ਤੇ ਸਮਾਜ ਭਲਾਈ ਆਗੂ ਪਹੁੰਚ ਰਹੇ ਹਨ, ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਇਸ ਧਾਰਮਿਕ ਸਮਾਗਮ ਦੀਆਂ ਹਾਜ਼ਰੀਆਂ ਭਰਨ ਦੀ ਲੋੜ ਤੇ ਜ਼ੋਰ ਦੇਣਾ ਚਾਹੀਦਾ ਹੈ, ਇਸ ਸਬੰਧੀ ਪ੍ਰੈਸ ਨੂੰ ਮੁਕੰਮਲ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸਮਾਗਮ ਦੇ ਮੁੱਖ ਪ੍ਰਬੰਧਕ ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ ਨਾਲ ਸਮਾਗਮ ਸਬੰਧੀ ਜਾਣਕਾਰੀ ਹਾਸਲ ਕਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਦੱਸਿਆ ਸਮਾਗਮ ਸਬੰਧੀ 4 ਜੁਲਾਈ ਦਿਨ ਸ਼ੁਕਰਵਾਰ ਨੂੰ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰੱਬੀ ਬਾਣੀ ਦੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰ ਦਿੱਤੇ ਜਾਣਗੇ ਜਿਨ੍ਹਾਂ ਦੇ ਸੰਪੂਰਨ ਭੋਗ 6 ਜੁਲਾਈ ਨੂੰ ਪਾਉਣ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਪੰਥ ਦੇ ਨਾਮਵਰ ਰਾਗੀ ਢਾਡੀ ਕਵੀਸ਼ਰ ਪ੍ਰਚਾਰਕਾਂ ਤੋਂ ਇਲਾਵਾ ਕਈ ਸੰਪਰਦਾਵਾਂ ਦੇ ਸੰਤਾਂ ਮਹਾਪੁਰਸ਼ਾਂ ਤੇ ਨਿਹੰਗ ਸਿੰਘ ਮੁਖੀਆਂ ਵੱਲੋਂ ਹਾਜ਼ਰੀ ਲਵਾ ਕੇ ਸੰਗਤਾਂ ਨੂੰ ਜਿਥੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਇਤਿਹਾਸ ਤੇ ਸ਼ਹੀਦੀ ਸਬੰਧੀ ਵਿਸਥਾਰ ਚਾਨਣਾ ਪਾਇਆ ਜਾਵੇਗਾ ਉਥੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਦਾ ਸ਼ਹੀਦੀ ਸੀਸ ਦਿੱਲੀ ਤੋਂ ਪੈਦਲ ਚੱਲ ਕੇ ਅਨੰਦਪੁਰ ਸਾਹਿਬ ਦੀ ਧਰਤੀ ਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਭੇਂਟ ਕਰ ਰੰਘਰੇਟੇ ਗੁਰ ਕੇ ਬੇਟੇ ਦਾ ਵਰਦਾਨ ਪ੍ਰਾਪਤ ਕਰਨ ਵਾਲੇ ਸ਼੍ਰੋਮਣੀ ਸ਼ਹੀਦ ਜਰਨੈਲ ਬਾਬਾ ਜੀਵਨ ਸਿੰਘ ਜੀ ਭਾਈ ਜੈਤਾ ਜੀ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਜੀਵਨ ਇਤਿਹਾਸ ਤੇ ਪੰਥਕ ਸੇਵਾਵਾਂ ਸਬੰਧੀ ਵਿਸਥਾਰ ਨਾਲ ਚਾਨਣਾ ਪਾਇਆ ਜਾਵੇਗਾ, ਸਮੂਹ ਧਾਰਮਿਕ ਬੁਲਾਰਿਆਂ ਤੇ ਸਨਮਾਨ ਯੋਗ ਹਸਤੀਆਂ ਦਾ ਮੁੱਖ ਪ੍ਰਬੰਧਕ ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ ਮੁਖੀ ਸ਼ਹੀਦ ਬਾਬਾ ਜੀਵਨ ਸਿੰਘ ਤਰਨਦਲ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਮੁਖੀ ਦਸਮੇਸ਼ ਤਰਨਦਲ ਤੇ ਜਥੇਦਾਰ ਬਾਬਾ ਸੁਖਪਾਲ ਸਿੰਘ ਫੂਲ ਬਠਿੰਡਾ ਮੁਖੀ ਮਾਲਵਾ ਤਰਨਾ ਦਲ ਵੱਲੋਂ ਸਨਮਾਨਿਤ ਕੀਤਾ ਜਾਵੇਗਾ, ਸਮਾਗਮ ਵਿੱਚ ਵਿਸ਼ੇਸ਼ ਤੌਰ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ, ਸਕੱਤਰ ਮੰਨਣ ਤੇ ਹੋਰ ਮਹਾਨ ਧਾਰਮਿਕ ਸਖਸ਼ੀਅਤਾਂ ਪਹੁੰਚ ਰਹੀਆਂ ਹਨ, ਮੁੱਖ ਪ੍ਰਬੰਧਕ ਸਿੰਘ ਸਾਹਿਬ ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ ਨੇ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਬੇਨਤੀ ਕੀਤੀ ਕਿ ਇਸ ਧਾਰਮਿਕ ਸਮਾਗਮ ਵਿੱਚ ਆਪਣੇ ਪ੍ਰਵਾਰਾਂ ਸਮੇਤ ਸ਼ਾਮਲ ਹੋਣ ਦੀ ਲੋੜ ਤੇ ਜ਼ੋਰ ਦਿੱਤਾ ਜਾਵੇ।



## ਸੈਂਟ ਸੋਲਜਰ ਸਕੂਲ ਵਿੱਚ ਅਧਿਆਪਕਾਂ ਲਈ ਮੈਨੇਜਮੈਂਟ ਵਿਸ਼ੇ ਤੇ ਪ੍ਰਭਾਵਸ਼ਾਲੀ ਵਰਕਸ਼ਾਪ ਲਗਾਈ ਗਈ

### ਸਮੇਂ ਸਮੇਂ ਤੇ ਅਧਿਆਪਕਾਂ ਲਈ ਸਿੱਖਿਆ ਦਾਇਕ ਸੈਮੀਨਾਰ ਕਰਵਾਏ ਜਾਂਦੇ ਹਨ-ਡਾ: ਮੰਗਲ ਸਿੰਘ ਕਿਸ਼ਨਪੁਰੀ




**ਜੰਡਿਆਲਾ ਗੁਰੂ, 1 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਸੈਂਟ ਸੋਲਜਰ ਇਲੀਟ ਕੋਨਵੈਂਟ ਸਕੂਲ ਜੰਡਿਆਲਾ ਗੁਰੂ ਵੱਲੋਂ ਅਧਿਆਪਕਾਂ ਲਈ ਪ੍ਰਭਾਵਸ਼ਾਲੀ ਸਿਖਲਾਈ" ਵਿਸ਼ੇ 'ਤੇ ਸਮਰੱਥਾ ਨਿਰਮਾਣ ਪ੍ਰੋਗਰਾਮ ਦਾ ਸੈਮੀਨਾਰ ਆਯੋਜਨ ਕੀਤਾ ਗਿਆ। ਜਿਸਦਾ ਉਦੇਸ਼ ਅਧਿਆਪਨ ਵਿਧੀਆਂ ਨੂੰ ਹੋਰ ਵਧੀਆ ਬਣਾਉਣਾ ਅਤੇ ਕਲਾਸਰੂਮਾਂ ਵਿੱਚ ਵਿਦਿਆਰਥੀਆਂ ਦੀ ਡੂੰਘੀ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਨਾ ਸੀ।ਇਸ ਸੈਸ਼ਨ ਦਾ ਸੰਚਾਲਨ ਮਾਣਯੋਗ ਸ਼੍ਰੀਮਤੀ ਵਿੰਮੀ ਸੇਠੀ ਦੁਆਰਾ ਕੁਸ਼ਲਤਾ ਨਾਲ ਕੀਤਾ ਗਿਆ, ਜਿਨ੍ਹਾਂ ਦੀ ਮੁਹਾਰਤ ਅਤੇ ਇੰਟਰਐਕਟਿਵ ਡਿਲੀਵਰੀ ਨੇ ਅਧਿਆਪਕਾਂ ਨੂੰ ਪ੍ਰੇਰਿਤ ਕੀਤਾ ਅਤੇ ਸਿੱਖਣ ਦੇ ਨਤੀਜਿਆਂ ਨੂੰ ਵਧਾਉਣ ਲਈ ਵਿਹਾਰਕ ਰਣਨੀਤੀਆਂ ਨਾਲ ਲੈਸ ਕੀਤਾ।ਸੈਸ਼ਨ ਵਿਦਿਆਰਥੀ-ਕੇਂਦ੍ਰਿਤ ਪਹੁੰਚਾਂ, ਸਰਗਰਮ ਭਾਗੀਦਾਰੀ ਤਕਨੀਕਾਂ ਅਤੇ ਨਵੀਨਤਾਕਾਰੀ ਕਲਾਸਰੂਮ ਅਭਿਆਸਾਂ 'ਤੇ ਕੇਂਦ੍ਰਿਤ ਸੀ ਪ੍ਰੋਗਰਾਮ ਵਿੱਚ ਡਾ. ਮੰਗਲ ਸਿੰਘ ਕਿਸ਼ਨਪੁਰੀ,( ਮੈਨੇਜਿੰਗ ਡਾਇਰੈਕਟਰ ਸੈਂਟ ਸੋਲਜਰ ਆਫ ਗਰੁਪਸ )ਅਤੇ ਪ੍ਰਿੰਸਿਪਲ ਸ਼੍ਰੀਮਤੀ ਅਮਰਪ੍ਰੀਤ ਕੌਰ, ਸੈਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਜੀ ਦੀ ਨਿਰੰਤਰ ਸਹਾਇਤਾ ਅਤੇ ਦੂਰਦਰਸ਼ੀ ਅਗਵਾਈ ਕੈਂਪਸ ਵਿੱਚ ਅਜਿਹੀਆਂ ਅਰਥਪੂਰਨ ਪਹਿਲਕਦਮੀਆਂ ਨੂੰ ਚਲਾਉਂਦੀ ਹੈ। ਸੈਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਮਜੀਠਾ ਦੇ ਡਾਇਰੈਕਟਰ ਪ੍ਰਿੰਸੀਪਲ, ਸ਼੍ਰੀਮਤੀ ਅਮਨਦੀਪ ਕੌਰ ਦੁਆਰਾ ਧੰਨਵਾਦ ਦਾ ਇੱਕ ਨਿੱਘਾ ਵੋਟ ਦਿੱਤਾ ਗਿਆ, ਜਿਨ੍ਹਾਂ ਨੇ ਸਰੋਤ ਵਿਅਕਤੀ ਦਾ ਦਿਲੋਂ ਧੰਨਵਾਦ ਕੀਤਾ ਅਤੇ ਪ੍ਰਬੰਧਕ ਟੀਮ ਅਤੇ ਅਧਿਆਪਕਾਂ ਦੇ ਸਮੂਹਿਕ ਯਤਨਾਂ ਦਾ ਸਨਮਾਨ ਕੀਤਾ।ਇਸ ਮੌਕੇ ਤੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਕਿਹਾ ਕਿ ਅਸੀਂ ਨਿਰੰਤਰ ਪੇਸ਼ੇਵਰ ਵਿਕਾਸ ਅਤੇ ਵਿਦਿਅਕ ਉੱਤਮਤਾ ਲਈ ਵਚਨਬੱਧ ਹਾਂ। ਅਤੇ ਸਮੇਂ ਸਮੇਂ ਤੇ ਅਸੀਂ ਆਪਣੇ ਅਧਿਆਪਕਾਂ ਲਈ ਇਹੋ ਜਿਹੇ ਸਿੱਖਿਆ ਦਾਇਕ ਸੈਮੀਨਾਰ ਕਰਵਾਉਂਦੇ ਰਹਿੰਦੇ ਹਾਂ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ ਕੋਆਰਡੀਨੇਟਰ ,ਨੀਲਾਕਸ਼ੀ ਗੁਪਤਾ ਕੋਆਰਡੀਨੇਟਰ, ਸ਼੍ਰੀਮਤੀ ਲਕਸ਼ਿਤਾ ( ਪ੍ਰਿੰਸੀਪਲ ਮਜੀਠਾ ਸਕੂਲ) ਸਮੂਹ ਸਟਾਫ ਸੈਂਟ ਸੋਲਜਰ ਸਕੂਲ ਮਜੀਠਾ ਅਤੇ ਸੈਂਟ ਸੋਲਜਰ ਸਕੂਲ ਜੰਡਿਆਲਾ ਗੁਰੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸੱਤਿਆ ਐਲੀਮੈਂਟਰੀ ਸਕੂਲ ਚੰਨਣਕੇ ਵਿਖੇ

# ਗਲੋਬਲ ਵਾਰਮਿੰਗ ਡੇ ਮਨਾਇਆ ਗਿਆ








**ਚੌਕ ਮਹਿਤਾ, 1ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿੰਡ ਚੰਨਣਕੇ ਸੱਤਿਆ ਐਲੀਮੈਂਟਰੀ ਸਕੂਲ ਚੰਨਣਕੇ ਵਿਖੇ ਮੁੱਖ ਆਧਿਆਪਕਾ ਮੈਡਮ ਨਵਨੀਤ ਕੌਰ ਦੀ ਅਗਵਾਈ ਹੇਠ ਗਲੋਬਲ ਵਾਰਮਿੰਗ ਡੇ ਮਨਾਇਆ ਗਿਆ। ਜਿਸ ਵਿੱਚ ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ ਨੇ ਬੱਚਿਆਂ ਨੂੰ ਕਿਹਾ ਕਿ ਵੱਧ ਰਹੀ ਗਰਮੀ ਬਾਰੇ ਚਾਨਣਾ ਪਾਇਆ ਗਿਆ। ਬਾਬਾ ਜੀ ਨੇ ਕਿਹਾ ਕਿ ਅਸੀਂ ਦਰਖਤਾਂ ਦੀ ਬਹੁਤ ਗਿਣਤੀ ਵਿੱਚ ਕਟਾਈ ਕਰੀ ਜਾਦੇ ਹਾਂ ਅਤੇ ਕੁਝ ਲੋਕ ਪਰਾਲੀ, ਨਾੜ ਨੂੰ ਅੱਗ ਲਾਕੇ ਰੁੱਖਾਂ ਨੂੰ ਸਾੜੀ ਜਾਦੇ ਹਾ। ਮੋਟਰ ਗੱਡੀਆਂ ਧੂੰਆਂ ਪ੍ਰਦੂਸ਼ਨ ਨਾਲ ਗਰਮੀ ਦਿਨੋਂ ਦਿਨ ਵੱਧਦੀ ਜਾ ਰਹੀ ਹੈ, ਸਾਨੂੰ ਵੱਧ ਤੋਂ ਵੱਧ ਰੁੱਖ ਲਾਉਣੇ ਚਾਹੀਦੇ ਹਨ। ਅਤੇ ਰੁੱਖਾਂ ਨੂੰ ਆਪਣੇ ਪੁੱਤਰਾਂ ਵਾਗੂ ਪਾਲਣਾ ਚਾਹੀਦਾ ਹੈ। ਇਸ ਮੌਕੇ ਤੇ ਮੁੱਖ ਆਧਿਆਪਕਾ ਸ੍ਰੀ ਮਤੀ ਮੈਡਮ ਨਵਨੀਤ ਕੌਰ ਨੇ ਬੱਚਿਆਂ ਨੂੰ ਕਿਹਾ ਕਿ ਸਾਨੂੰ ਆਪਣੀ ਜ਼ਿੰਦਗੀ ਵਿੱਚ ਵੱਧ ਤੋਂ ਵੱਧ ਰੁੱਖ ਲਾਉਣੇ ਚਾਹੀਦੇ ਹਨ। ਇਸ ਮੌਕੇ ਤੇ ਮੈਡਮ ਲਵਨੀਨ ਕੌਰ ਨੇ ਬੱਚਿਆਂ ਨੂੰ ਰੁੱਖਾਂ ਦੀ ਜਾਣਕਾਰੀ ਦਿੱਤੀ। ਇਸ ਮੌਕੇ ਤੇ ਸਕੂਲ ਵਿੱਚ ਰੁੱਖ ਲਗਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਬਰਨਾਲਾ ’ਚ ਦਰਦਨਾਕ ਹਾਦਸਾ !

# ਘਰ ’ਚ ਅੱਗ ਲੱਗਣ ਕਾਰਨ ਪਤੀ-ਪਤਨੀ ਦੀ ਮੌਤ, 10 ਸਾਲਾ ਪੁੱਤਰ ਸੁਰੱਖਿਅਤ

■ ਮ੍ਰਿਤਕ ਪਤੀ-ਪਤਨੀ ਦਾ 10 ਸਾਲਾ ਬੇਟਾ, ਜੋ ਛੇਵੀਂ ਜਮਾਤ ’ਚ ਪੜ੍ਹਦਾ ਹੈ, ਹਾਦਸੇ ਵਾਲੀ ਰਾਤ ਆਪਣੇ ਚਾਚੇ ਦੇ ਘਰ ਸੁੱਤਾ ਹੋਇਆ ਸੀ ਜਿਸ ਕਾਰਨ ਉਸ ਦੀ ਜਾਨ ਬਚ ਗਈ। ਆਸ-ਪਾਸ ਦੇ ਲੋਕਾਂ ਨੇ ਅੰਗਰੇਜ਼ ਕੌਰ ਦੀਆਂ ਚੀਕਾਂ ਸੁਣ ਕੇ ਇਕੱਠੇ ਹੋ ਕੇ ਵੱਖ-ਵੱਖ...







**ਬਰਨਾਲਾ, ਧਨੌਲਾ, 1 ਜੁਲਾਈ (ਆਵਾਜ਼ਿ ਕੌਮ ਬਿਊਰੋ)** -ਜ਼ਿਲ੍ਹਾ ਬਰਨਾਲਾ ਦੇ ਵਿਧਾਨ ਸਭਾ ਹਲਕਾ ਮਹਿਲ ਕਲਾਂ ਅਧੀਨ ਪੈਂਦੇ ਪਿੰਡ ਮੂੰਮ ਵਿਖੇ ਇਕ ਘਰ ’ਚ ਅਚਾਨਕ ਅੱਗ ਲੱਗ ਜਾਣ ਕਾਰਨ ਪਤੀ-ਪਤਨੀ ਦੀ ਮੌਤ ਹੋ ਜਾਣ ਦੀ ਦੁੱਖਦਾਈ ਖ਼ਬਰ ਹੈ। ਹਾਦਸੇ ’ਚ ਕਮਰੇ ’ਚ ਪਿਆ ਘਰ ਦਾ ਸਾਮਾਨ ਵੀ ਸੜ ਕੇ ਸੁਆਹ ਹੋ ਗਿਆ। ਪਿੰਡ ’ਚ ਸੋਗ ਦੀ ਲਹਿਰ ਛਾ ਗਈ ਹੈ। ਇਸ ਮੌਕੇ ਮ੍ਰਿਤਕ ਦੇ ਭਰਾ ਹਰਚੰਦ ਸਿੰਘ, ਜਸਵੰਤ ਸਿੰਘ ਤੇ ਸਤਿਨਾਮ ਸਿੰਘ ਨੇ ਦੱਸਿਆ ਕਿ ਸਵੇਰੇ ਤਕਰੀਬਨ ਤਿੰਨ ਵਜੇ ਬਰਸਾਤ ਦੌਰਾਨ ਜਗਰੂਪ ਸਿੰਘ 45 ਸਾਲ ਪੁੱਤਰ ਲਾਭ ਸਿੰਘ ਤੇ ਉਸ ਦੀ ਪਤਨੀ ਅੰਗਰੇਜ਼ ਕੌਰ ਘਰ ਦੇ ਵਿਹੜੇ ’ਚ ਸੌਂ ਰਹੇ ਸਨ। ਬਾਰਿਸ਼ ਹੋਣ ਕਾਰਨ ਉਹ ਆਪਣੇ ਮੰਜੇ ਕਮਰੇ ਅੰਦਰ ਕਰ ਕੇ ਸੌਂ ਗਏ। ਇਸ ਦੌਰਾਨ ਕਮਰੇ ਦੀ ਬਿਜਲੀ ਸਪਲਾਈ ’ਚ ਸ਼ਾਰਟ ਸਰਕਟ ਹੋ ਗਿਆ ਜਿਸ ਨਾਲ ਅਚਾਨਕ ਅੱਗ ਭੜਕ ਉਠੀ। ਹਾਦਸੇ ’ਚ ਜਗਰੂਪ ਸਿੰਘ ਦੀ ਸਾਹ ਘੁੱਟਣ ਤੇ ਸੜਨ ਕਾਰਨ ਮੌਕੇ ’ਤੇ ਹੀ ਮੌਤ ਹੋ ਗਈ। ਉਸ ਦੀ ਪਤਨੀ ਅੰਗਰੇਜ਼ ਕੌਰ ਬਹੁਤ ਜ਼ਿਆਦਾ ਝੁਲਸਣ ਨਾਲ ਜ਼ਖ਼ਮੀ ਹੋ ਗਈ। ਉਸ ਨੂੰ ਤੁਰੰਤ ਬਰਨਾਲਾ ਦੇ ਸਿਵਲ ਹਸਪਤਾਲ ਲਿਜਾਇਆ ਗਿਆ ਜਿੱਥੇ ਹਾਲਤ ਗੰਭੀਰ ਦੇਖਦਿਆਂ ਡਾਕਟਰਾਂ ਨੇ ਉਸ ਨੂੰ ਫਰੀਦਕੋਟ ਸਿਵਲ ਹਸਪਤਾਲ ਰੈਫਰ ਕਰ ਦਿੱਤਾ ਜਿੱਥੇ ਜ਼ਖ਼ਮਾਂ ਦੀ ਤਾਵ ਨਾ ਸਹਾਰਦਿਆਂ ਉਹ ਦਮ ਤੋੜ ਗਈ। ਉਨ੍ਹਾਂ ਦੱਸਿਆ ਕਿ ਮ੍ਰਿਤਕ ਪਤੀ-ਪਤਨੀ ਦਾ 10 ਸਾਲਾ ਬੇਟਾ, ਜੋ ਛੇਵੀਂ ਜਮਾਤ ’ਚ ਪੜ੍ਹਦਾ ਹੈ, ਹਾਦਸੇ ਵਾਲੀ ਰਾਤ ਆਪਣੇ ਚਾਚੇ ਦੇ ਘਰ ਸੁੱਤਾ ਹੋਇਆ ਸੀ ਜਿਸ ਕਾਰਨ ਉਸ ਦੀ ਜਾਨ ਬਚ ਗਈ। ਆਸ-ਪਾਸ ਦੇ ਲੋਕਾਂ ਨੇ ਅੰਗਰੇਜ਼ ਕੌਰ ਦੀਆਂ ਚੀਕਾਂ ਸੁਣ ਕੇ ਇਕੱਠੇ ਹੋ ਕੇ ਵੱਖ-ਵੱਖ ਯੰਤਰਾਂ ਨਾਲ ਅੱਗ ’ਤੇ ਕਾਬੂ ਪਾਇਆ ਪਰ ਉਦੋਂ ਤਕ ਜਗਰੂਪ ਸਿੰਘ ਦੀ ਮੌਤ ਹੋ ਚੁੱਕੀ ਸੀ। ਘਰ ਅੰਦਰ ਪਏ ਬੈੱਡ, ਕੂਲਰ, ਟੀਵੀ ਤੇ ਹੋਰ ਕੀਮਤੀ ਸਾਮਾਨ ਵੀ ਸੜ੍ਹ ਕੇ ਸੁਆਹ ਹੋ ਗਿਆ। ਇਸ ਮੌਕੇ ਪਿੰਡ ਦੇ ਸਰਪੰਚ ਲਖਬੀਰ ਸਿੰਘ, ਸਾਬਕਾ ਸਰਪੰਚ ਗੁਰਮੀਤ ਸਿੰਘ ਪੇਧਰ, ਸੁਖਵਿੰਦਰ ਸਿੰਘ, ਜਸਵੰਤ ਸਿੰਘ, ਡਾ. ਰਾਜੂ ਸਿੰਘ, ਅਮਨਦੀਪ ਸਿੰਘ ਅਤੇ ਸੁਖਪ੍ਰੀਤ ਸਿੰਘ ਆਦਿ ਨੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਮ੍ਰਿਤਕ ਪਰਿਵਾਰ ਦੇ ਮਾਸੂਮ ਬੱਚੇ ਦੀ ਪੜ੍ਹਾਈ -ਲਿਖਾਈ ਦਾ ਪੂਰਾ ਪ੍ਰਬੰਧ ਕੀਤਾ ਜਾਵੇ ਤੇ ਪਰਿਵਾਰ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ।

# ਜੰਡਿਆਲਾ ਗੁਰੂ ਵਿਖੇ ਚਲਾਏ ਕਾਸੋ ਆਪ੍ਰੇਸ਼ਨ ਦੌਰਾਨ ਵੱਖ ਵੱਖ ਟੀਮਾਂ ਵੱਲੋਂ 268 ਗ੍ਰਾਮ ਹੈਰੋਇਨ 10000 ਨਸ਼ੀਲੀਆਂ ਗੋਲੀਆਂ ਤੇ 1000 ਕੈਪਸੂਲ ਤੇ ਚੋਰੀ ਦਾ ਮੋਟਰਸਾਈਕਲ ਬਰਾਮਦ ਕੀਤਾ ਗਿਆ





ਜੰਡਿਆਲਾ ਗੁਰੂ 1 ਜੁਲਾਈ ( ਕੁਲਵੰਤ ਸਿੰਘ ਵਿਰਦੀ) ਪੰਜਾਬ ਸਰਕਾਰ ਦੁਆਰਾ ਚਲਾਈ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਕੱਲ੍ਹ ਐਸ਼ ਐਸ ਪੀ ਅੰਮ੍ਰਿਤਸਰ ਦਿਹਾਤੀ ਮਨਿੰਦਰ ਸਿੰਘ ਆਈ ਪੀ ਐਸ ਦੀ ਅਗਵਾਈ ਹੇਠ ਸਹਿਰ ਜੰਡਿਆਲਾ ਗੁਰੂ ਵਿਖੇ ਵੱਖ ਵੱਖ ਟੀਮਾਂ ਬਣਾ ਕਿ ਕਾਸੋ ਆਪ੍ਰੇਸ਼ਨ ਕੀਤਾ ਗਿਆ ਅਤੇ ਨਸ਼ੇ ਦੀ ਰਿਕਵਰੀ ਲਈ ਸਾਂਝਾ ਕਾਸੋ ਅਪਰੇਸ਼ਨ ਚਲਾਇਆ ਗਿਆ ਇਸ ਆਪ੍ਰੇਸ਼ਨ ਦੌਰਾਨ ਵੱਖ-ਵੱਖ ਟੀਮਾਂ ਵੱਲੋਂ ਥਾਣਾ ਜੰਡਿਆਲਾ ਗੁਰੂ ਵਿੱਚ ਮੁਕਦਮਾ ਨੰਬਰ 138 ਦੇ ਅਧੀਨ ਐਨਡੀਪੀ ਐਸ ਐਕਟ ਥਾਣਾ ਜੰਡਿਆਲਾ ਗੁਰੂ ਮੁਕੱਦਮਾ ਨੰਬਰ 139 ਬੀ ਐਨਐਸ ਥਾਣਾ ਜੰਡਿਆਲਾ ਅਤੇ ਮੁਕਦਮਾ ਨੰਬਰ 140/ 2025 ਜੁਰਮ ਐਨਡੀਪੀਐਸ ਐਕਟ ਥਾਣਾ ਜੰਡਿਆਲਾ ਗੁਰੂ ਦਰਜ ਕੀਤਾ ਗਿਆ ਇਸ ਓਪਰੇਸ਼ਨ ਦੌਰਾਨ ਭਗਵਾਨ ਸਿੰਘ ਉਰਫ ਗੁੱਲੂ ਪੁੱਤਰ ਤਰਸੇਮ ਸਿੰਘ ਵਾਸੀ ਵਾਰਡ ਨੰਬਰ ਤਿੰਨ ਮੁਹਲਾ ਸੇਖਪੁਰਾ ਜੋਬਨ ਸਿੰਘ ਉਰਫ ਅਜੇ ਗੁਰਵੇਲ ਸਿੰਘ ਵਾਸੀ ਦਸ਼ਮੇਸ਼ ਨਗਰ ਕਰਨ ਸਿੰਘ ਪੁੱਤਰ ਬੂਟਾ ਸਿੰਘ ਜਸ਼ਨਪ੍ਰੀਤ ਸਿੰਘ ਉਰਫ ਡੱਡੂ ਪੁੱਤਰ ਪ੍ਰੇਮ ਸਿੰਘ ਬਿੱਲਾ ਪੁੱਤਰ ਗੁਰਵੇਲ ਸਿੰਘ ਵਾਸੀਆਂ ਵਡਾਲੀ ਡੋਗਰਾ ਅਭੀਵਨ ਸ਼ਰਮਾ ਉਰਫ ਦਮਨ ਪੁੱਤਰ ਵਿਨੇ ਸ਼ਰਮਾ ਵਾਸੀ ਜਨਤਾ ਕਲੋਨੀ ਸੁਲਤਾਨਵਿੰਡ ਰੋਡ ਅੰਮ੍ਰਿਤਸਰ ਦਾਨਿਸ਼ ਗੁਪਤਾ ਉਰਫ ਦਾਨੂੰ ਪੁੱਤਰ ਅਰੁਣ ਕੁਮਾਰ ਵਾਸੀ ਨਿਊ ਗਰੀਨ ਫੀਡ ਮਜੀਠਾ ਰੋਡ ਥਾਣਾ ਸਦਰ ਅੰਮ੍ਰਿਤਸਰ ਅਮਿਤ ਵਿੱਜ ਪੁੱਤਰ ਅਸ਼ਵਨੀ ਕੁਮਾਰ ਵਾਸੀ ਖਜ਼ਾਨਾ ਵਾਲਾ ਚੌਂਕ ਹਾਊਸ ਨੰਬਰ 1179/9 ਨੇੜੇ ਮਹਾਜਨ ਹਸਪਤਾਲ ਨੂੰ ਗ੍ਰਿਫਤਾਰ ਕੀਤਾ ਗਿਆ ਜਿਨ੍ਹਾਂ ਪਾਸੋਂ 268 ਗ੍ਰਾਮ ਹੈਰੋਇਨ ਇਕ ਮੋਟਰਸਾਈਕਲ, ਅਤੇ ਇਸੇ ਤਰ੍ਹਾ ਬੰਡਾਲਾ ਕੋਲੋਂ ਦੱਸ ਹਜ਼ਾਰ ਗੋਲੀਆਂ,ਇਕ ਹਜ਼ਾਰ ਕੈਪਸੂਲ ਰੀਕਵਰ ਕੀਤਾ ਗਿਆ ਮਾਨਯੋਗ ਅਦਾਲਤ ਵਿੱਚ ਆਰੋਪੀਆਂ ਨੂੰ ਪੇਸ ਕਰਕੇ ਰਿਮਾਂਡ ਲੈ ਕਿ ਹੋਰ ਪੁੱਛਗਿੱਛ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV





## ਜਨਮ ਦਿਨ ਮੁਬਾਰਕ

**ਮਨਮੀਤ ਕੌਰ**

ਪਿਤਾ ਗੁਰਚਰਨ ਸਿੰਘ, ਮਾਤਾ ਮਨਜੀਤ ਕੌਰ ਪਿੰਡ ਨਾਥ ਦੀ ਖੂਹੀ (ਚੰਨਣਕੇ) ਫੋਟੋ ਵੇਰਵਾ-ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV